ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com
Also On
Visit on facebook
https://www.facebook.com/awazeqaumtv/videos/194899582124531/
YouTube https://youtu.be/LQwolgxDu7l
awazeqaumtvpunjab@gmail.com

ਸੋਮਵਾਰ, 24 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੯ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸਾਬਕਾ ਡੀਆਈਜੀ ਭੁੱਲਰ ਨੇ ਗ੍ਰਿਫ਼ਤਾਰੀ ਖਿਲਾਫ 'ਚ ਹਾਈ ਕੋਰਟ ਦਾ ਕੀਤਾ ਰੁਖ਼, ਆਪਣੀ ਗ੍ਰਿਫਤਾਰੀ ਨੂੰ ਦੱਸਿਆ ਪੂਰੀ ਤਰ੍ਹਾਂ 'ਗਲਤ'

**ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਪੁਲਿਸ ਦੇ ਡੀਆਈਜੀ ਹਰਚਰਨ ਸਿੰਘ ਭੁੱਲਰ ਨੇ ਆਪਣੀ ਗ੍ਰਿਫ਼ਤਾਰੀ ਵਿਰੁੱਧ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਅਪੀਲ ਕੀਤੀ ਹੈ। ਉਨ੍ਹਾਂ ਗ੍ਰਿਫ਼ਤਾਰੀ ਨੂੰ ਚੁਣੌਤੀ ਦਿੱਤੀ ਹੈ। ਪਟੀਸ਼ਨ ਵਿੱਚ ਉਨ੍ਹਾਂ ਸੀਬੀਆਈ ਦੇ ਅਧਿਕਾਰ ਖੇਤਰ 'ਤੇ ਸਵਾਲ ਉਠਾਏ ਹਨ। ਉਨ੍ਹਾਂ ਦਲੀਲ ਦਿੱਤੀ ਹੈ ਕਿ ਉਹ ਪੰਜਾਬ ਵਿੱਚ ਕੰਮ ਕਰ ਰਹੇ ਹਨ। ਅਜਿਹੀ ਸਥਿਤੀ ਵਿੱਚ, ਸੀਬੀਆਈ ਨੂੰ ਦਿੱਲੀ ਸਪੈਸ਼ਲ ਪੁਲਿਸ ਐਸਟੈਬਲਿਸ਼ਮੈਂਟ (ਡੀਐਸਪੀਈ) ਐਕਟ, 1946 ਦੀ ਧਾਰਾ 6 ਦੇ ਤਹਿਤ ਪੰਜਾਬ ਸਰਕਾਰ ਤੋਂ ਇਜਾਜ਼ਤ ਲੈਣੀ ਚਾਹੀਦੀ ਸੀ। ਭੁੱਲਰ ਨੇ ਅੱਗੇ ਦਲੀਲ ਦਿੱਤੀ ਕਿ ਪੰਜਾਬ ਵਿਜੀਲੈਂਸ ਬਿਊਰੋ ਪਹਿਲਾਂ ਹੀ ਸੀਬੀਆਈ ਦੇ ਸਾਹਮਣੇ ਇਸੇ ਅਪਰਾਧ ਲਈ ਐਫਆਈਆਰ ਦਰਜ ਕਰ ਚੁੱਕਾ ਹੈ। ਦੋਵਾਂ ਵਿੱਚ ਅੱਧੇ ਘੰਟੇ ਦਾ ਸਮਾਂ ਅੰਤਰ ਹੈ। ਕਾਬਿਲੇਗੌਰ ਹੈ ਕਿ ਹਰਚਰਨ ਸਿੰਘ ਭੁੱਲਰ ਨੂੰ ਸੀਬੀਆਈ ਨੇ 16 ਅਕਤੂਬਰ, 2025 ਨੂੰ 8 ਲੱਖ ਰੁਪਏ ਦੀ ਰਿਸ਼ਵਤ ਮੰਗਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਸੀ। ਉਸ ਦੇ ਟਿਕਾਣਿਆਂ 'ਤੇ ਬਾਅਦ ਵਿੱਚ ਛਾਪੇਮਾਰੀ ਕਰਨ 'ਤੇ ਕਰੋੜਾਂ ਰੁਪਏ ਦੀ ਨਕਦੀ, ਸੋਨਾ ਅਤੇ ਜਾਇਦਾਦ ਦੇ ਦਸਤਾਵੇਜ਼ ਮਿਲੇ। ਪੰਜਾਬ ਸਰਕਾਰ ਨੇ 19 ਅਕਤੂਬਰ ਨੂੰ ਉਸਨੂੰ ਮੁਅੱਤਲ ਕਰ ਦਿੱਤਾ। ਇਸ ਤੋਂ ਬਾਅਦ, 29 ਅਕਤੂਬਰ, 2025 ਨੂੰ, ਸੀਬੀਆਈ ਨੇ ਉਸਦੇ ਖਿਲਾਫ ਦੂਜੀ ਐਫਆਈਆਰ ਦਰਜ ਕੀਤੀ, ਜਿਸ ਵਿੱਚ ਉਸਦੀ ਆਮਦਨ ਤੋਂ ਵੱਧ ਜਾਇਦਾਦ ਰੱਖਣ ਦਾ ਦੋਸ਼ ਲਗਾਇਆ ਗਿਆ।

## ਪੰਜਾਬ 'ਚ ਸਿਆਸੀ ਹੰਗਾਮੇ ਮਗਰੋਂ ਕੇਂਦਰ ਦਾ ਯੂ-ਟਰਨ

# ਸਰਕਾਰ ਚੰਡੀਗੜ੍ਹ 'ਤੇ ਨਹੀਂ ਲਿਆ ਰਹੀ ਕੋਈ ਨਵਾਂ ਬਿੱਲ - ਗ੍ਰਹਿ ਮੰਤਰਾਲਾ

**ਨਵੀਂ ਦਿੱਲੀ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਨੂੰ ਧਾਰਾ 240 ਅਧੀਨ ਸ਼ਾਮਲ ਕਰਨ ਦੀਆਂ ਰਿਪੋਰਟਾਂ ਨੇ ਰਾਜਨੀਤੀ ਨੂੰ ਗਰਮਾ ਦਿੱਤਾ ਹੈ, ਪਰ ਗ੍ਰਹਿ ਮੰਤਰਾਲੇ ਨੇ ਹੁਣ ਇਸ ਵਿਵਾਦ ਨੂੰ ਸ਼ਾਂਤ ਕਰਨ ਲਈ ਇੱਕ ਅਧਿਕਾਰਤ ਬਿਆਨ ਜਾਰੀ ਕੀਤਾ ਹੈ। ਮੰਤਰਾਲੇ ਨੇ ਸਪੱਸ਼ਟ ਕੀਤਾ ਕਿ ਕੇਂਦਰ ਸਿਰਫ਼ ਚੰਡੀਗੜ੍ਹ ਲਈ ਕਾਨੂੰਨੀ ਪ੍ਰਕਿਰਿਆ ਨੂੰ ਸਰਲ ਬਣਾਉਣ 'ਤੇ ਵਿਚਾਰ ਕਰ ਰਿਹਾ ਹੈ। ਇਹ ਪ੍ਰਸਤਾਵ ਅਜੇ ਸ਼ੁਰੂਆਤੀ ਪੜਾਅ 'ਤੇ ਹੈ ਅਤੇ ਕੋਈ ਅੰਤਿਮ ਫੈਸਲਾ ਨਹੀਂ ਲਿਆ ਗਿਆ ਹੈ। ਗ੍ਰਹਿ ਮੰਤਰਾਲੇ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਹ ਪ੍ਰਸਤਾਵ ਚੰਡੀਗੜ੍ਹ ਦੇ ਮੌਜੂਦਾ ਪ੍ਰਸ਼ਾਸਕੀ ਪ੍ਰਣਾਲੀ ਨੂੰ ਨਹੀਂ ਬਦਲੇਗਾ ਅਤੇ ਨਾ ਹੀ ਪੰਜਾਬ ਅਤੇ ਹਰਿਆਣਾ ਨਾਲ ਇਸ ਦੇ ਰਵਾਇਤੀ ਸਬੰਧਾਂ ਨੂੰ ਪ੍ਰਭਾਵਿਤ ਕਰੇਗਾ। ਮੰਤਰਾਲੇ ਨੇ ਕਿਹਾ ਕਿ



ਅਗਲੇ ਫੈਸਲੇ ਸਾਰੇ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰੇ ਤੋਂ ਬਾਅਦ ਹੀ ਲਏ ਜਾਣਗੇ, ਜਿਸ ਵਿੱਚ ਚੰਡੀਗੜ੍ਹ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਿਆ ਜਾਵੇਗਾ। ਇਸ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਸਰਕਾਰ ਆਉਣ ਵਾਲੇ ਸਰਦੀਆਂ ਦੇ ਸੈਸ਼ਨ ਵਿੱਚ ਇਸ ਵਿਸ਼ੇ 'ਤੇ ਕੋਈ ਬਿੱਲ ਪੇਸ਼ ਕਰਨ ਦਾ ਇਰਾਦਾ ਨਹੀਂ ਰੱਖਦੀ। ਵਿਵਾਦ ਉਦੋਂ ਵਧ ਗਿਆ ਜਦੋਂ "ਸੰਵਿਧਾਨ (131ਵਾਂ ਸੋਧ) ਬਿੱਲ, 2025" ਸੰਸਦੀ ਬੁਲੇਟਿਨ ਵਿੱਚ ਪੇਸ਼ ਹੋਇਆ। ਇਸ ਬਿੱਲ ਵਿੱਚ ਚੰਡੀਗੜ੍ਹ ਨੂੰ ਧਾਰਾ 240 ਅਧੀਨ ਸ਼ਾਮਲ ਕਰਨ ਦਾ ਪ੍ਰਸਤਾਵ ਸੀ, ਜਿਸ ਨਾਲ ਰਾਸ਼ਟਰਪਤੀ ਨੂੰ ਚੰਡੀਗੜ੍ਹ ਲਈ ਸਿੱਧਾ ਰੈਗੂਲੇਟਰੀ ਅਥਾਰਟੀ ਮਿਲ ਗਈ। ਕਈ ਰਾਜਨੀਤਿਕ ਪਾਰਟੀਆਂ ਨੇ ਖਦਸ਼ਾ ਪ੍ਰਗਟ ਕੀਤਾ ਕਿ ਇਸ ਨਾਲ ਚੰਡੀਗੜ੍ਹ ਦਾ ਪ੍ਰਸ਼ਾਸਨ ਪੰਜਾਬ ਦੇ ਹੱਥਾਂ ਤੋਂ ਇੱਕ ਸੁਤੰਤਰ ਪ੍ਰਸ਼ਾਸਕ ਦੇ ਹਵਾਲੇ ਹੋ ਜਾਵੇਗਾ।

## ਜਲੰਧਰ 'ਚ ਕੁੜੀ ਨਾਲ ਜਬਰ-ਜ਼ਿਨਾਹ ਮਗਰੋਂ ਹੋਏ ਕਤਲ ਮਾਮਲੇ 'ਚ ਵੱਡਾ ਐਕਸ਼ਨ ! ਏ. ਐਸ. ਆਈ. ਸਸਪੈਂਡ

**ਜਲੰਧਰ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਜਲੰਧਰ ਵਿਚ 14 ਸਾਲਾ ਕੁੜੀ ਨਾਲ ਜਬਰ-ਜ਼ਿਨਾਹ ਕਰਨ ਮਗਰੋਂ ਕੀਤੇ ਗਏ ਉਸ ਦੇ ਕਤਲ ਦੇ ਮਾਮਲੇ ਵਿਚ ਪੰਜਾਬ ਪੁਲਸ ਵੱਲੋਂ ਵੱਡੀ ਕਾਰਵਾਈ ਕੀਤੀ ਗਈ ਹੈ। ਇਸ ਮਾਮਲੇ ਵਿਚ ਪਹਿਲਾਂ ਤਲਾਸ਼ੀ ਨੂੰ ਲੈ ਕੇ ਲਾਪਰਵਾਹੀ ਵਰਤਣ ਦੇ ਦੋਸ਼ ਵਿਚ ਏ.ਐੱਸ.ਆਈ. ਮੰਗਤ ਰਾਮ ਨੂੰ ਸਸਪੈਂਡ ਕਰ ਦਿੱਤਾ ਹੈ। ਇਸ ਦੀ ਜਾਣਕਾਰੀ ਏ.ਸੀ.ਪੀ. ਗਗਨਦੀਪ ਸਿੰਘ ਘੁੰਮਣ ਨੇ ਦਿੱਤੀ ਹੈ। ਉਥੇ ਹੀ ਇਸ ਮਾਮਲੇ ਵਿਚ ਪੁਲਸ ਨੇ ਮੁਲਜ਼ਮ ਰਿੰਪੀ ਉਰਫ਼ ਹੈਪੀ ਖ਼ਿਲਾਫ਼ ਪੋਕਸੋ ਐਕਟ ਅਤੇ ਹੋਰ ਧਾਰਾਵਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਦੇਰ ਰਾਤ ਤੱਕ ਇਲਾਕੇ ਵਿਚ ਸਥਿਤੀ ਤਣਾਅਪੂਰਨ ਬਣੀ ਰਹੀ। ਜਾਣਕਾਰੀ ਮੁਤਾਬਕ ਗੁਆਂਢ ਵਿਚ ਰਹਿੰਦੇ ਇਕ ਬਜ਼ੁਰਗ ਵਿਅਕਤੀ ਨੇ ਆਪਣੇ ਘਰ 'ਚ ਆਈ 14 ਸਾਲਾ ਨਾਬਾਲਗ ਕੁੜੀ ਨਾਲ ਜਬਰ-ਜ਼ਿਨਾਹ ਕਰਨ ਤੋਂ ਬਾਅਦ ਉਸ ਦਾ ਕਤਲ ਕਰ ਦਿੱਤਾ ਸੀ ਅਤੇ ਲਾਸ਼ ਘਰ ਦੇ ਬਾਥਰੂਮ ਵਿਚ ਹੀ ਲਕੋ ਦਿੱਤੀ ਤਾਂ ਕਿ ਇਸ ਸਬੰਧੀ ਕਿਸੇ ਨੂੰ ਕੁਝ ਪਤਾ ਨਾ ਲੱਗ ਸਕੇ ਅਤੇ ਬਾਅਦ ਵਿਚ ਲਾਸ਼ ਨੂੰ ਕਿਤੇ-ਖ਼ੁਰਦ ਬੁਰਦ ਕੀਤਾ ਜਾ ਸਕੇ। ਲੋਕਾਂ ਨੂੰ ਜਦੋਂ ਇਸ ਗੱਲ ਦਾ ਪਤਾ ਲੱਗਾ ਤਾਂ ਉਨ੍ਹਾਂ ਨੇ ਮੁਲਜ਼ਮ ਬਜ਼ੁਰਗ ਵਿਅਕਤੀ ਨੂੰ ਮੌਕੇ 'ਤੇ ਹੀ ਜਾਨ ਤੋਂ ਮਾਰਨ ਲਈ ਅੱਗ ਤੱਕ ਲਾਉਣ ਦੀ ਕੋਸ਼ਿਸ਼ ਕੀਤੀ ਅਤੇ ਕਿਹਾ ਕਿ ਉਹ ਉਸ ਨੂੰ ਕਿਸੇ ਵੀ ਕੀਮਤ 'ਤੇ ਜ਼ਿੰਦਾ ਨਹੀਂ ਰਹਿਣ ਦੇਣਗੇ ਪਰ ਪੁਲਸ ਪਾਰਟੀ ਮੁਲਜ਼ਮ ਨੂੰ ਕਾਬੂ ਕਰਕੇ ਥਾਣੇ ਲੈ ਗਈ। ਮ੍ਰਿਤਕ ਲੜਕੀ ਗੁਆਂਢੀਆਂ ਦੇ ਘਰ ਗਈ ਸੀ ਪਰ ਵਾਪਸ ਨਹੀਂ ਆਈ। ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਨੇ ਇਸ ਸਬੰਧੀ ਥਾਣਾ ਬਸਤੀ ਬਾਵਾ ਖੇਲ ਦੀ ਪੁਲਸ ਨੂੰ ਵੀ ਸੂਚਿਤ ਕਰ ਦਿੱਤਾ ਸੀ ਅਤੇ ਦੱਸਿਆ ਸੀ ਕਿ ਲੜਕੀ ਗੁਆਂਢੀਆਂ ਦੇ ਘਰ ਜਾਂਦੀ ਸੀ. ਸੀ. ਟੀ. ਵੀ. ਕੈਮਰੇ 'ਚ ਵਿਖਾਈ ਦੇ ਰਹੀ ਹੈ। ਜਿਸ ਤੋਂ ਬਾਅਦ ਪੁਲਸ ਨੇ ਆ ਕੇ ਗੁਆਂਢੀਆਂ ਦੇ ਘਰ ਵਿਚ ਜਾਂਚ ਕੀਤੀ ਪਰ ਲੜਕੀ ਦੇ ਨਾ ਮਿਲਣ 'ਤੇ ਪੁਲਸ ਵਾਪਸ ਚਲੀ ਗਈ ਅਤੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਜਦਕਿ ਪੁਲਸ ਨੂੰ ਦੱਸਿਆ ਵੀ ਸੀ ਕਿ ਲੜਕੀ ਉਸ ਘਰ ਵਿਚ ਗਈ ਹੈ। ਮ੍ਰਿਤਕ ਲੜਕੀ ਦੇ ਪਰਿਵਾਰ ਵਾਲਿਆਂ ਦਾ ਦੋਸ਼ ਸੀ ਕਿ ਜੇਕਰ ਥਾਣਾ ਬਸਤੀ ਬਾਵਾ ਖੇਲ ਦੀ ਪੁਲਸ ਇਸ ਮਾਮਲੇ ਵਿਚ ਲਾਪਰਵਾਹੀ ਨਾ ਵਿਖਾਉਂਦੀ ਤਾਂ ਉਸ ਦੀ ਜਾਨ ਬਚਾਈ ਜਾ ਸਕਦੀ ਸੀ। ਇਸ ਘਟਨਾ ਤੋਂ ਬਾਅਦ ਵੀ ਪੁਲਸ ਕਾਫ਼ੀ ਦੇਰ ਨਾਲ ਮੌਕੇ 'ਤੇ ਪਹੁੰਚੀ ਅਤੇ ਲੜਕੀ ਦੀ ਲਾਸ਼ ਆਪਣੇ ਕਬਜ਼ੇ 'ਚ ਲੈ ਕੇ ਜਾਂਚ ਸ਼ੁਰੂ ਕੀਤੀ।

## 131ਵੀਂ ਸੰਵਿਧਾਨਿਕ ਸੋਧ ਬਿੱਲ ਦੇ ਖਿਲਾਫ਼ ਨਿਤਰਿਆ ਸ਼੍ਰੋਮਣੀ ਅਕਾਲੀ ਦਲ ; ਕੋਰ ਕਮੇਟੀ ਦੀ ਸੱਦੀ ਗਈ ਐਮਰਜੈਂਸੀ ਮੀਟਿੰਗ

**ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਨੂੰ ਲੈ ਕੇ ਸੰਸਦ ਦੇ ਆਉਂਦੇ ਸਰਦ ਰੁੱਤ ਇਜਲਾਸ ਵਿਚ 131ਵਾਂ ਸੰਵਿਧਾਨਕ ਸੋਧ ਬਿੱਲ ਨੂੰ ਲੈ ਕੇ ਪੰਜਾਬ ਵਿੱਚ ਸਿਆਸੀ



ਹੰਗਾਮਾ ਮਚ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਨੇ ਇਸਦਾ ਸਖ਼ਤ ਵਿਰੋਧ ਕੀਤਾ ਹੈ। ਇਹ ਸੋਧ ਬਿੱਲ 1 ਤੋਂ 19 ਦਸੰਬਰ ਤੱਕ ਹੋਣ ਵਾਲੇ ਸੰਸਦ ਦੇ ਸਰਦ ਰੁੱਤ ਸੈਸ਼ਨ ਵਿੱਚ ਪੇਸ਼ ਕੀਤਾ ਜਾ ਰਿਹਾ ਹੈ। ਇਸ ਬਿੱਲ ਦੇ ਤਹਿਤ ਕੇਂਦਰ ਸਰਕਾਰ ਚੰਡੀਗੜ੍ਹ ਨੂੰ ਸੰਵਿਧਾਨ ਦੀ ਧਾਰਾ 240 ਦੇ ਤਹਿਤ ਸ਼ਾਮਲ ਕਰਨ ਜਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਇਸਦਾ ਸਖਤ ਵਿਰੋਧ ਕੀਤਾ ਜਾ ਰਿਹਾ ਹੈ। ਮਿਲੀ ਜਾਣਕਾਰੀ ਮੁਤਾਬਿਕ ਸ਼੍ਰੋਮਣੀ ਅਕਾਲੀ ਦਲ ਵੱਲੋਂ 24 ਨਵੰਬਰ ਨੂੰ ਕੋਰ ਕਮੇਟੀ ਦੀ ਐਮਰਜੈਂਸੀ ਮੀਟਿੰਗ ਵੀ ਸੱਦੀ ਗਈ ਹੈ। ਜਿਸ 'ਚ ਉਸ ਸਬੰਧੀ ਅਗਲੇ ਪੜਾਅ ਦੀ ਰੂਪ ਰੇਖਾ ਵੀ ਤਿਆਰ ਕੀਤੀ ਜਾਵੇਗੀ। ਨਾਲ ਹੀ ਸੀਨੀਅਰ ਸੰਵਿਧਾਨਕ ਮਾਹਿਰਾਂ ਨਾਲ ਵੀ ਸਲਾਹ ਮਸ਼ਵਰਾਂ ਵੀ ਕੀਤਾ ਜਾਵੇਗਾ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸੋਸ਼ਲ ਮੀਡੀਆ ਐਕਸ 'ਤੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਕਦੇ ਵੀ ਇਹ ਉਮੀਦ ਨਹੀਂ ਕੀਤੀ ਸੀ ਕਿ ਕੇਂਦਰ ਪੰਜਾਬ ਤੋਂ ਚੰਡੀਗੜ੍ਹ ਖੋਹਣ ਦੀ ਸਾਜ਼ਿਸ਼ ਰਚੇਗਾ। ਖਾਸ ਕਰਕੇ ਅਜਿਹੇ ਸਮੇਂ ਜਦੋਂ ਦੇਸ਼ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਦੇ 350 ਸਾਲ ਮਨਾ ਰਿਹਾ ਹੈ। ਇਸ ਇਤਿਹਾਸਕ ਪਲ 'ਤੇ, ਪੰਜਾਬ ਨੂੰ ਉਮੀਦ ਸੀ ਕਿ ਭਾਰਤ ਸਰਕਾਰ ਜ਼ਖ਼ਮਾਂ ਨੂੰ ਡੂੰਘਾ ਨਹੀਂ ਕਰੇਗੀ, ਸਗੋਂ ਪੁਰਾਣੀਆਂ ਬੇਇਨਸਾਫ਼ੀਆਂ ਨੂੰ ਠੀਕ ਕਰੇਗੀ। ਸੁਖਬੀਰ ਸਿੰਘ ਬਾਦਲ ਨੇ ਇਹ ਵੀ ਕਿਹਾ ਕਿ ਆਉਣ ਵਾਲੇ ਸਰਦ ਰੁੱਤ ਸੈਸ਼ਨ ਵਿੱਚ ਪ੍ਰਸਤਾਵਿਤ ਸੰਵਿਧਾਨ (131ਵੀਂ ਸੋਧ) ਬਿੱਲ ਨੇ ਪੰਜਾਬੀਆਂ ਨੂੰ ਹੈਰਾਨ ਕਰ ਦਿੱਤਾ ਹੈ। ਇਸ ਲਈ ਸ਼੍ਰੋਮਣੀ ਅਕਾਲੀ ਦਲ ਨੇ ਅਗਲੇ ਕਦਮਾਂ ਦੀ ਰੂਪ-ਰੇਖਾ ਤਿਆਰ ਕਰਨ ਲਈ 24 ਨਵੰਬਰ ਨੂੰ ਦੁਪਹਿਰ 2 ਵਜੇ ਚੰਡੀਗੜ੍ਹ ਸਥਿਤ ਪਾਰਟੀ ਮੁੱਖ ਦਫ਼ਤਰ ਵਿਖੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਹੇਠ ਐਮਰਜੈਂਸੀ ਕੋਰ ਕਮੇਟੀ ਦੀ ਮੀਟਿੰਗ ਬੁਲਾਈ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਕੇਂਦਰ ਸਰਕਾਰ ਦੇ ਇਸ ਗਲਤ ਕਦਮ ਦਾ ਮੁਕਾਬਲਾ ਕਰਨ ਲਈ ਇੱਕ ਮਜ਼ਬੂਤ ਰਣਨੀਤੀ ਨੂੰ ਅੰਤਿਮ ਰੂਪ ਦੇਣ ਲਈ ਸੀਨੀਅਰ ਸੰਵਿਧਾਨਕ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕੀਤਾ ਜਾਵੇਗਾ। ਕਾਬਿਲੇਗੌਰ ਹੈ ਕਿ ਬੀਤੇ ਦਿਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਸੰਸਦ ਦੇ ਆਉਂਦੇ ਸਰਦ ਰੁੱਤ ਇਜਲਾਸ ਵਿਚ 131ਵਾਂ ਸੰਵਿਧਾਨਕ ਸੋਧ ਬਿੱਲ ਪੇਸ਼ ਨਾ ਕਰੇ ਅਤੇ ਉਹਨਾਂ ਜ਼ੋਰ ਦੇ ਕੇ ਕਿਹਾ ਕਿ ਅਜਿਹਾ ਕਰਨਾ ਉਹਨਾਂ ਬਹਾਦਰ ਪੰਜਾਬੀਆਂ ਨਾਲ ਧੋਖਾ ਤੇ ਵਿਤਕਰਾ ਹੋਵੇਗਾ, ਜਿਹਨਾਂ ਨੇ ਦੇਸ਼ ਵਾਸਤੇ ਸਭ ਤੋਂ ਵੱਧ ਸ਼ਹਾਦਤਾਂ ਦਿੱਤੀਆਂ ਅਤੇ ਇਹ ਚੰਡੀਗੜ੍ਹ ਪੰਜਾਬ ਨੂੰ ਦੇਣ ਵਾਸਤੇ ਕੀਤੇ ਗਏ ਸਾਰੇ ਵਾਅਦਿਆਂ ਤੋਂ ਪਿੱਛੇ ਹਟਣਾ ਹੋਵੇਗਾ।

## 350 ਸਾਲਾ ਸ਼ਤਾਬਦੀ ਸਮਾਗਮਾਂ 'ਚ ਸ਼ਾਮਲ ਹੋਏ ਗਵਰਨਰ ਪੰਜਾਬ

**ਸ੍ਰੀ ਅਨੰਦਪੁਰ ਸਾਹਿਬ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਪੁਰਬ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸਾਕੇ ਦੀ 350 ਸ਼ਤਾਬਦੀ ਮੌਕੇ ਪੰਜਾਬ ਦੇ



ਰਾਜਪਾਲ ਗੁਲਾਬ ਚੰਦ ਕਟਾਰੀਆ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ। ਗੁਰਦੁਆਰਾ ਸੀਸ ਗੰਜ ਸਾਹਿਬ ਉਹ ਅਸਥਾਨ ਹੈ ਜਿੱਥੇ ਨੌਵੇਂ ਪਾਤਸ਼ਾਹ ਜੀ ਦੇ ਪਾਵਨ ਸੀਸ ਦਾ ਸਸਕਾਰ ਹੋਇਆ ਸੀ। ਉਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਦਿਵਸ ਦੇ ਸਮਾਗਮਾਂ ਵਿੱਚ ਵੀ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਭੇਟ ਕਰਦਿਆਂ ਰੁਮਾਲਾ ਭੇਟ ਕੀਤਾ ਤੇ ਕੜਾਹ ਪ੍ਰਸਾਦ ਦੀ ਦੇਗ ਵੀ ਕਰਵਾਈ। ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ ਖ਼ਾਲਸਾ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਅਵਤਾਰ ਸਿੰਘ ਰੀਆ ਨੇ ਰਾਜਪਾਲ ਪੰਜਾਬ ਨੂੰ ਗੁਰੂ ਘਰ ਵੱਲੋਂ ਫੁੱਲਾਂ ਦਾ ਸਿਹਰਾ ਦਿੱਤਾ ਅਤੇ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਵੀ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

## ਪੰਜਾਬ 'ਚ ਫਿਰ ਵੱਡਾ ਐਨਕਾਊਂਟਰ, ਖਤਰਨਾਕ ਗੈਂਗ ਦੇ 2 ਸ਼ੂਟਰਾਂ ਨੂੰ ਕੀਤਾ ਗਿਆ ਗ੍ਰਿਫ਼ਤਾਰ

**ਪਟਿਆਲਾ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਇੱਥੇ ਸੀ. ਆਈ. ਏ. ਸਟਾਫ਼ ਪਟਿਆਲਾ ਵਲੋਂ ਬੰਬੀਹਾ ਗੈਂਗ ਦੇ 2 ਸ਼ੂਟਰਾਂ ਦਾ ਐਨਕਾਊਂਟਰ ਕੀਤਾ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਐੱਸ. ਐੱਸ. ਪੀ. ਪਟਿਆਲਾ ਨੇ ਦੱਸਿਆ ਕਿ ਸੀ. ਆਈ. ਏ. ਸਟਾਫ਼ ਪਟਿਆਲਾ ਵਲੋਂ ਕੀਤੇ ਗਏ ਐਨਕਾਊਂਟਰ 'ਚ ਹਰਪ੍ਰੀਤ ਸਿੰਘ ਉਰਫ਼ ਮੱਖਣ ਪੁੱਤਰ ਰੂੜ ਸਿੰਘ ਵਾਸੀ ਪਿੰਡ ਸੈਫਦੀਪੁਰ ਥਾਣਾ ਸਦਰ ਪਟਿਆਲਾ ਅਤੇ ਗੌਤਮ ਉਰਫ਼ ਬਾਦਸਾਹ ਪੁੱਤਰ ਸੁੱਚਾ ਸਿੰਘ ਵਾਸੀ ਕੰਡਾ ਬਸਤੀ ਬੋੜਾ ਗੇਟ ਥਾਣਾ ਕੋਤਵਾਲੀ ਨਾਭਾ, ਜ਼ਿਲ੍ਹਾ ਪਟਿਆਲਾ ਜ਼ਖਮੀ ਹੋ ਗਏ। ਦੋਹਾਂ ਦੇ ਖ਼ਿਲਾਫ਼ ਕਤਲ, ਇਰਾਦਾ ਕਤਲ, ਲੁੱਟ-ਖੋਹ ਅਤੇ ਡਕੈਤੀ ਆਦਿ ਦੇ ਮੁਕੱਦਮੇ ਦਰਜ ਹਨ ਅਤੇ ਕਈ ਕੇਸਾਂ 'ਚ ਭਗੌੜੇ ਹਨ। ਇਨ੍ਹਾਂ ਬਾਰੇ ਗੁਪਤ ਸੂਚਨਾ ਮਿਲੀ ਸੀ ਕਿ ਗੈਂਗਸਟਰ ਹਰਪ੍ਰੀਤ ਸਿੰਘ ਅਤੇ ਗੌਤਮ ਬਾਦਸ਼ਾਹ ਮੋਟਰਸਾਈਕਲ 'ਤੇ ਸਵਾਰ ਹੋ ਕੇ ਭਾਦਸੋ ਤੋਂ ਪਿੰਡਾਂ 'ਚੋਂ ਹੁੰਦੇ ਹੋਏ ਸਰਹਿੰਦ ਰੋਡ ਸਾਈਡ ਨੂੰ ਜਾ ਰਹੇ ਹਨ।

## 'ਪੰਜਾਬ ਸਰਕਾਰ, ਵਿਧਾਨ ਸਭਾ ਸੈਸ਼ਨ 'ਚ ਸ੍ਰੀ ਅਨੰਦਪੁਰ ਸਾਹਿਬ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਧਾਰਮਿਕ ਸ਼ਹਿਰ ਘੋਸ਼ਿਤ ਕਰੇ ਅਤੇ ਬੰਦੀ ਸਿੰਘ ਰਿਹਾਅ ਕੀਤਾ ਜਾਣ'

**ਸ੍ਰੀ ਅਨੰਦਪੁਰ ਸਾਹਿਬ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ, ਸਤੀ ਦਾਸ ਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸਮਾਗਮ ਕਰਾਏ ਜਾ ਰਹੇ ਹਨ ਅਤੇ ਇਹਨਾਂ ਸਮਾਗਮਾਂ ਦੇ ਪਹਿਲੇ ਦਿਨ ਹੀ ਸੰਗਤਾਂ ਦਾ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਪੂਰਾ ਜਾਹੋ ਜਲਾਲ ਦੇਖਣ ਨੂੰ ਮਿਲ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ



ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਦੱਸਿਆ ਕਿ 28 ਅਤੇ 29 ਤਰੀਕ ਨੂੰ ਮੁੱਖ ਸਮਾਗਮ ਕਰਵਾਏ ਜਾਣੇ ਹਨ। ਸਰਕਾਰ ਵੱਲੋਂ ਵੱਖਰੇ ਤੌਰ 'ਤੇ ਕਰਵਾਏ ਜਾ ਰਹੇ ਸਮਾਗਮਾਂ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਧਾਰਮਿਕ ਕਾਰਜ ਕਰਵਾਉਣੇ ਸਰਕਾਰਾਂ ਦੇ ਕੰਮ ਨਹੀਂ ਹੁੰਦੇ, ਕਿਹਾ ਕਿ ਸਰਕਾਰ ਆਪਣੀ ਜ਼ਿੱਦ ਪੁਗਾਉਣ ਵਿੱਚ ਲੱਗੀ ਸੀ, ਇਸੇ ਕਰਕੇ ਬੇਅਦਬੀ ਦੀਆਂ ਵੱਖ-ਵੱਖ ਘਟਨਾਵਾਂ ਸਾਹਮਣੇ ਆਈਆਂ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਕਰ ਸਰਕਾਰ ਵੱਖਰੇ ਤੌਰ ਤੇ ਸਮਾਗਮ ਕਰ ਵੀ ਰਹੀ ਹੈ ਤਾਂ ਸਾਨੂੰ ਉਹਦੇ ਵਿੱਚ ਕੋਈ ਨਾਰਾਜ਼ਗੀ ਨਹੀਂ ਪ੍ਰੰਤੂ ਸਰਕਾਰ ਨੂੰ ਚਾਹੀਦਾ ਹੈ ਕਿ ਕੱਲ ਬੁਲਾਏ ਜਾਣ ਵਾਲੇ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਸ਼੍ਰੀ ਆਨੰਦਪੁਰ ਸਾਹਿਬ ਲਈ ਕੁਝ ਵਿਸ਼ੇਸ਼ ਐਲਾਨ ਕੀਤੇ ਜਾਣ ਜਿਨਾਂ ਵਿੱਚ ਮੁੱਖ ਤੌਰ ਤੇ ਸ਼੍ਰੀ ਅਨੰਦਪੁਰ ਸਾਹਿਬ ਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਨੂੰ ਧਾਰਮਿਕ ਸ਼ਹਿਰ ਘੋਸ਼ਿਤ ਕੀਤਾ ਜਾਵੇ ਤੇ ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਉਚੇਰੀ ਸਿੱਖਿਆ ਦਾ ਕੋਈ ਵੱਡਾ ਅਦਾਰਾ ਵੀ ਸਰਕਾਰ ਵੱਲੋਂ ਬਣਾਇਆ ਜਾਵੇ। ਜਥੇਦਾਰ ਗੜਗੱਜ ਨੇ ਕਿਹਾ ਕਿ ਨਾਲ ਹੀ ਸਿੱਖਾਂ ਦੀ ਚਿਰਾਂ ਤੋਂ ਲਟਕਦੀ ਆ ਰਹੀ ਬੰਦੀ ਸਿੰਘਾਂ ਨੂੰ ਰਿਹਾ ਕਰਨ ਦੀ ਮੰਗ ਬਾਰੇ ਵੀ ਵਿਚਾਰ ਕਰਦਿਆਂ ਸੂਬਾ ਸਰਕਾਰ ਨੂੰ ਕੱਲ ਦੇ ਵਿਸ਼ੇਸ਼ ਅਸੈਂਬਲੀ ਸੈਸ਼ਨ ਵਿੱਚ ਇੱਕ ਮਤਾ ਪਾਸ ਕਰਨਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਲਾਸਾਨੀ ਸ਼ਹਾਦਤ ਮਨੁੱਖੀ ਹੱਕਾਂ ਦੀ ਰਾਖੀ ਦੇ ਲਈ ਸੀ ਤੇ ਅੱਜ ਬੰਦੀ ਸਿੰਘ ਜੋ ਆਪਣੀਆਂ ਸਜ਼ਾਵਾਂ ਵੀ ਪੂਰੀਆਂ ਕਰ ਚੁੱਕੇ ਹਨ ਉਹਨਾਂ ਨੂੰ ਜੇਲਾਂ ਦੇ ਵਿੱਚ ਡੱਕਿਆ ਗਿਆ ਹੈ ਤੇ ਲੋੜ ਹੈ ਕਿ ਉਹਨਾਂ ਦੇ ਹੱਕ ਵਿੱਚ ਹਰ ਪਾਸਿਓਂ ਆਵਾਜ਼ ਬੁਲੰਦ ਕੀਤੀ ਜਾਵੇ ਤੇ ਸਰਕਾਰਾਂ ਮਜਬੂਰ ਹੋਣ ਉਹਨਾਂ ਨੂੰ ਰਿਹਾਅ ਕਰਨ ਲਈ।

**ਸੱਦਾ ਪੱਤਰ**

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV



ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ







ਗੁਰਮਤਿ ਸਮਾਗਮ

GURU NANAK GURDWARA WILLENHALL 65-67 WALSAL ROAD (WV13 2RD)

30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ



ਭਾਈ ਅੰਮ੍ਰਿਤਪਾਲ ਸਿੰਘ ਢੱਪਈ (3:30 ਵਜੇ)



ਭਾਈ ਕਮਲਜੀਤ ਸਿੰਘ ਜੀ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ (4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ



ਪੰਥ ਪ੍ਰਸਿੱਧ ਕਵੀਸ਼ਰੀ ਜਥਾ ਜਾਗੋਵਾਲਾ ਜਥਾ (6 ਵਜੇ)




ਭਾਈ ਜਗਤਾਰ ਸਿੰਘ ਜੀ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ (7 ਵਜੇ)

ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204


ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008
Contact :
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।


**-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਸ਼ਹੀਦੀ ਦਿਹਾੜੇ 22/23 ਨਵੰਬਰ 25 ਮੰਗਲਵਾਰ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸਜਣਗੇ।

**ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨਿੱਚਰਵਾਰ 22 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 23 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਇੰਦਰਜੀਤ ਸਿੰਘ ਬੁੱਟਰ ਸਰਸੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
**Call+393475711755 / 3208124778**

ਆਵਾਜ਼ਿ ਕੌਮ AWAZE QAUM International Newspaper & WEB TV

# ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ

ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ

**350 ਸਾਲਾ ਸ਼ਹੀਦੀ ਸ਼ਤਾਬਦੀ** ਨੂੰ ਸਮਰਪਿਤ

ਧੰਨ ਧੰਨ ਸਾਹਿਬ ਸ੍ਰੀ ਤੇਗ ਬਹਾਦੁਰ ਸਾਹਿਬ ਜੀ ਦੇ

# ਗੁਰਇਤਿਹਾਸ

ਦੀ ਲੜੀਵਾਰ ਕਥਾ



ਦਮਦਮੀ ਟਕਸਾਲ ਦੇ ਮੌਜੂਦਾ ਮੁਖੀ

## ਸੰਤ ਗਿ. ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ

ਹਰ ਰੋਜ ਦੁਪਹਿਰ 3 ਤੋਂ 4 ਵਜੇ ਤੱਕ ਕਰਣਗੇ।

**ਸੰਗਤਾਂ ਨੂੰ ਬੇਨਤੀ ਹੈ ਕਿ ਗੁਰਇਤਿਹਾਸ ਦੀ ਕਥਾ ਸ੍ਰਵਣ ਕਰਕੇ ਗੁਰੂ ਮਹਾਰਾਜ ਦੀਆਂ ਅਸੀਸਾਂ ਪ੍ਰਾਪਤ ਕਰੋ ਜੀ**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ

# ਚੰਡੀਗੜ੍ਹ ਨੂੰ ਧਾਰਾ 240 ਅਧੀਨ ਲਿਆਉਣ ਦੇ ਪ੍ਰਸਤਾਵ 'ਤੇ ਮੁੜ ਵਿਚਾਰ ਹੋਵੇ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਚਿੰਤਕ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਦੇ ਇੱਕ ਚਿੰਤਤ ਨਾਗਰਿਕ ਵਜੋਂ ਮਾਣਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਵਿਸਤ੍ਰਿਤ ਪੱਤਰ ਭੇਜ ਕੇ ਚੰਡੀਗੜ੍ਹ ਨੂੰ ਸੰਵਿਧਾਨ ਦੀ ਧਾਰਾ 240 ਦੇ ਅਧੀਨ ਲਿਆਂਦੇ ਜਾਣ ਦੇ ਪ੍ਰਸਤਾਵ ਸਬੰਧੀ ਆਪਣੀ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ ਅਤੇ ਇਸ 'ਤੇ ਤੁਰੰਤ ਮੁੜ ਵਿਚਾਰ ਕਰਨ ਦੀ ਮੰਗ ਕੀਤੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਸਿਰਫ਼ ਇੱਕ ਪ੍ਰਸ਼ਾਸਕੀ ਸੋਧ ਨਹੀਂ, ਸਗੋਂ ਪੰਜਾਬ ਦੀ ਇਤਿਹਾਸਕ, ਸੰਵਿਧਾਨਕ ਅਤੇ ਭਾਵਨਾਤਮਕ ਪਛਾਣ ਨਾਲ ਜੁੜਿਆ ਬਹੁਤ ਹੀ ਸੰਵੇਦਨਸ਼ੀਲ ਵਿਸ਼ਾ ਹੈ। ਉਹਨਾਂ ਆਪਣੇ ਪੱਤਰ ਵਿੱਚ ਲਿਖਿਆ ਕਿ ਕਈ ਵਾਰ ਕੇਂਦਰ ਸਰਕਾਰ ਵੱਲੋਂ ਭਰੋਸਾ ਦਿੱਤਾ ਗਿਆ ਕਿ ਚੰਡੀਗੜ੍ਹ ਪੰਜਾਬ ਨੂੰ ਸੌਂਪਿਆ ਜਾਵੇਗਾ। 1970 ਵਿੱਚ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਅਤੇ 1985 ਦੇ ਰਾਜੀਵ-ਲੌਂਗੋਵਾਲ ਸਮਝੌਤੇ ਵਿੱਚ ਵੀ 26 ਜਨਵਰੀ 1986 ਨੂੰ ਚੰਡੀਗੜ੍ਹ ਪੰਜਾਬ ਨੂੰ ਦੇਣ ਦਾ ਸਪਸ਼ਟ ਵਾਅਦਾ ਕੀਤਾ ਗਿਆ ਸੀ। "ਪਰ ਦੁੱਖ ਦੀ ਗੱਲ ਹੈ ਕਿ ਇਹਨਾਂ ਵਿੱਚੋਂ ਕੋਈ ਵੀ ਵਾਅਦਾ ਅੱਜ ਤੱਕ ਪੂਰਾ ਨਹੀਂ ਹੋਇਆ," ਪ੍ਰੋ. ਖਿਆਲਾ ਨੇ ਕਿਹਾ।

ਉਹਨਾਂ ਕਿਹਾ ਕਿ ਚੰਡੀਗੜ੍ਹ ਦਾ ਪੰਜਾਬ ਦੇ ਲੋਕਾਂ ਨਾਲ ਡੂੰਘਾ ਭਾਵਨਾਤਮਕ ਸਬੰਧ ਹੈ, ਕਿਉਂਕਿ ਵੰਡ ਤੋਂ ਬਾਅਦ, ਜਦੋਂ ਲਾਹੌਰ ਪਾਕਿਸਤਾਨ ਚਲਾ ਗਿਆ, ਚੰਡੀਗੜ੍ਹ ਨੂੰ ਇੱਕ ਰਾਸ਼ਟਰੀ ਵਿਰਾਸਤ ਅਤੇ ਇੱਕ ਨਵੀਂ ਸ਼ੁਰੂਆਤ ਵਜੋਂ ਪੰਜਾਬ ਦੇ ਅਨੇਕਾਂ ਪਿੰਡਾਂ ਨੂੰ ਉਜਾੜ ਕੇ ਪੰਜਾਬ ਦੀ ਰਾਜਧਾਨੀ ਵਜੋਂ ਨਿਰਮਾਣ ਕੀਤਾ ਗਿਆ। ਇਸ ਲਈ ਚੰਡੀਗੜ੍ਹ ਪੰਜਾਬ ਲਈ ਸਿਰਫ਼ ਭੂਗੋਲ ਨਹੀਂ, ਸਗੋਂ ਮਿੱਟੀ, ਪਛਾਣ ਅਤੇ ਅਧਿਕਾਰਾਂ ਦੀ ਗੱਲ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਚੰਡੀਗੜ੍ਹ ਨੂੰ ਧਾਰਾ 240 ਦੇ ਦਾਇਰੇ ਵਿੱਚ ਲਿਆਂਦਾ ਗਿਆ ਤਾਂ ਚੰਡੀਗੜ੍ਹ ਪੂਰੀ ਤਰ੍ਹਾਂ ਕੇਂਦਰ-ਨਿਯੰਤਰਿਤ ਪ੍ਰਸ਼ਾਸਨਿਕ ਇਕਾਈ ਬਣ ਜਾਵੇਗਾ। ਚੁਣੇ ਹੋਏ ਪ੍ਰਤੀਨਿਧੀਆਂ ਦੀ ਭੂਮਿਕਾ ਮਨਫ਼ੀ ਹੋ ਜਾਵੇਗੀ ਅਤੇ ਸ਼ਾਸਨ ਨੌਕਰਸ਼ਾਹੀ ਦੇ ਹੱਥਾਂ ਵਿੱਚ ਕੇਂਦਰਿਤ ਹੋ ਜਾਵੇਗਾ, ਜਿਸ ਨਾਲ ਸੰਘੀ ਢਾਂਚਾ ਕਮਜ਼ੋਰ ਹੋਵੇਗਾ ਅਤੇ ਪੰਜਾਬ ਵਿੱਚ ਰਾਜਨੀਤਿਕ, ਭਾਵਨਾਤਮਕ ਅਤੇ ਸਮਾਜਿਕ ਅਸੰਤੋਖ ਜਨਮ ਲਏਗਾ।

ਪ੍ਰੋ. ਖਿਆਲਾ ਨੇ ਯਾਦ ਦਵਾਇਆ ਕਿ ਪੰਜਾਬ ਸਰਹੱਦੀ ਸੂਬਾ ਹੈ ਅਤੇ ਪਾਕਿਸਤਾਨ ਸਮੇਤ ਵਿਦੇਸ਼ੀ ਤਾਕਤਾਂ ਲਗਾਤਾਰ ਅਸਥਿਰਤਾ ਪੈਦਾ ਕਰਨ ਲਈ ਸਾਜ਼ਿਸ਼ਾਂ ਰਚਦੀਆਂ ਹਨ। ਅੱਜ ਪੰਜਾਬ ਕਾਨੂੰਨ-ਵਿਵਸਥਾ, ਸਰਹੱਦੀ ਅਸਥਿਰਤਾ, ਨਸ਼ਾ-ਤਸਕਰੀ, ਆਰਥਿਕ ਚੁਨੌਤੀਆਂ ਅਤੇ ਟਾਰਗੇਟ ਕਿਲਿੰਗ ਵਰਗੀਆਂ ਗੰਭੀਰ ਸਥਿਤੀਆਂ ਨਾਲ ਜੂਝ ਰਿਹਾ ਹੈ।

ਅਜਿਹੇ ਹਾਲਾਤਾਂ ਵਿੱਚ ਚੰਡੀਗੜ੍ਹ ਵਰਗੇ ਸੰਵੇਦਨਸ਼ੀਲ ਮੁੱਦੇ 'ਤੇ ਕੋਈ ਵੀ ਇੱਕਤਰਫ਼ਾ ਫ਼ੈਸਲਾ ਨਾ ਸਿਰਫ਼ ਪੰਜਾਬ, ਸਗੋਂ ਪੂਰੇ ਦੇਸ਼ ਦੀ ਸੁਰੱਖਿਆ ਲਈ ਖ਼ਤਰਾ ਬਣ ਸਕਦਾ ਹੈ।

ਉਹਨਾਂ ਕਿਹਾ ਕਿ ਪੰਜਾਬ ਨੂੰ ਦਰਪੇਸ਼ ਇਨ੍ਹਾਂ ਚੁਨੌਤੀਆਂ ਦਾ ਹੱਲ ਇੱਕ ਡਬਲ-ਇੰਜਣ ਸਰਕਾਰ ਦੇ ਸਥਾਪਨ ਨਾਲ ਹੀ ਸੰਭਵ ਹੈ ਅਤੇ ਇਸ ਦੀ ਲੋੜ ਦਾ ਜ਼ਿਕਰ ਕੇਂਦਰੀ ਨੇਤ੍ਰਿਤਵ ਖ਼ੁਦ ਕਈ ਵਾਰ ਕਰ ਚੁੱਕਾ ਹੈ।

ਪੰਜਾਬ ਵਿੱਚ ਡਬਲ-ਇੰਜਣ ਸਰਕਾਰ ਸਥਾਪਤ ਕਰਨ ਲਈ, ਭਾਜਪਾ ਨੂੰ ਇੱਕ ਮਜ਼ਬੂਤ ਖੇਤਰੀ ਪਾਰਟੀ ਦੇ ਸਮਰਥਨ ਦੀ ਲੋੜ ਹੋਵੇਗੀ। ਪਰ ਜੇ ਕੇਂਦਰ ਸਰਕਾਰ ਚੰਡੀਗੜ੍ਹ ਬਾਰੇ ਅਜਿਹਾ ਕਦਮ ਚੁੱਕਦੀ ਹੈ ਜੋ ਪੰਜਾਬ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦਾ ਹੈ, ਤਾਂ ਭਾਜਪਾ ਵੱਲੋਂ ਪੰਜਾਬ ਵਿੱਚ ਕਿਸੇ ਮਜ਼ਬੂਤ ਖੇਤਰੀ ਪੰਥਕ ਪਾਰਟੀ ਨਾਲ ਗੱਠਜੋੜ ਬਣਾਉਣ ਦੀਆਂ ਸੰਭਾਵਨਾਵਾਂ ਘੱਟ ਹੋਣਗੀਆਂ। ਕੋਈ ਵੀ ਪੰਥਕ ਪਾਰਟੀ ਅਜਿਹੇ ਕਦਮ ਦਾ ਸਮਰਥਨ ਨਹੀਂ ਕਰ ਸਕੇਗੀ ਅਤੇ ਇਸ ਨਾਲ ਭਾਜਪਾ ਦੀਆਂ ਭਵਿੱਖ ਦੀਆਂ ਰਾਜਨੀਤਿਕ ਸੰਭਾਵਨਾਵਾਂ ਗੰਭੀਰ ਰੂਪ ਵਿੱਚ ਪ੍ਰਭਾਵਿਤ ਹੋਣਗੀਆਂ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ 1997 ਦਾ ਅਕਾਲੀ-ਭਾਜਪਾ ਗੱਠਜੋੜ ਸਿਰਫ਼ ਚੋਣ ਸਮਝੌਤਾ ਨਹੀਂ ਸੀ, ਬਲਕਿ ਹਿੰਦੂ-ਸਿੱਖ ਏਕਤਾ ਦਾ ਪ੍ਰਤੀਕ ਸੀ। ਉਸ ਭਰੋਸੇ ਨੂੰ ਕਾਇਮ ਰੱਖਣਾ ਸਮੇਂ ਦੀ ਲੋੜ ਹੈ। ਪ੍ਰੋ. ਖਿਆਲਾ ਨੇ ਪ੍ਰਧਾਨ ਮੰਤਰੀ  ਸੰਵਿਧਾਨ (131ਵਾਂ ਸੋਧ) ਬਿੱਲ, 2025, ਜਿਸ ਰਾਹੀਂ ਚੰਡੀਗੜ੍ਹ ਨੂੰ ਧਾਰਾ 240 ਦੇ ਦਾਇਰੇ ਵਿੱਚ ਲਿਆਉਣ ਦੀ ਗੱਲ ਹੈ—ਇਸ 'ਤੇ ਤੁਰੰਤ ਮੁੜ ਵਿਚਾਰ ਕਰਨ ਦਾ ਸੁਝਾਅ ਦਿੱਤਾ ਅਤੇ ਅਪੀਲ ਕੀਤੀ ਕਿ ਪੰਜਾਬ ਦੀਆਂ ਇਤਿਹਾਸਕ ਅਤੇ ਸੰਵਿਧਾਨਕ ਭਾਵਨਾਵਾਂ ਦਾ ਆਦਰ ਕਰਦੇ ਹੋਏ ਚੰਡੀਗੜ੍ਹ ਨੂੰ ਪੰਜਾਬ ਨੂੰ ਸੌਂਪਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ। ਉਨ੍ਹਾਂ ਹਰਿਆਣਾ ਨੂੰ ਨਵੀਂ ਰਾਜਧਾਨੀ ਲਈ ਉਚਿਤ ਵਿੱਤੀ ਸਹਾਇਤਾ ਪ੍ਰਦਾਨ ਕਰਨ ਅਤੇ ਚੰਡੀਗੜ੍ਹ ਬਾਰੇ ਫ਼ੈਸਲਾ ਲੈਣ ਤੋਂ ਪਹਿਲਾਂ ਸਾਰੇ ਹਿੱਸੇਦਾਰਾਂ ਨਾਲ ਖੁੱਲ੍ਹੀ ਸਲਾਹ-ਮਸ਼ਵਰਾ ਕਰਨ ਦੀ ਵੀ ਅਪੀਲ ਕੀਤੀ। ਅੰਤ ਵਿੱਚ ਪ੍ਰੋ. ਖਿਆਲਾ ਨੇ ਆਸ ਜਤਾਈ ਕਿ ਮਾਣਯੋਗ ਪ੍ਰਧਾਨ ਮੰਤਰੀ ਪੰਜਾਬ ਦੀਆਂ ਸੰਵੇਦਨਸ਼ੀਲਤਾਵਾਂ, ਭਾਰਤ ਦੇ ਸੰਵਿਧਾਨ ਅਤੇ ਰਾਸ਼ਟਰੀ ਏਕਤਾ ਨੂੰ ਧਿਆਨ ਵਿੱਚ ਰੱਖਦੇ ਹੋਏ—ਚੰਡੀਗੜ੍ਹ ਸਬੰਧੀ ਪ੍ਰਸਤਾਵ 'ਤੇ ਸੰਵੇਦਨਸ਼ੀਲ ਅਤੇ ਸੰਵਿਧਾਨਿਕ ਫ਼ੈਸਲਾ ਲੈਣਗੇ।

# ਜਾਨਵਰਾਂ 'ਤੇ ਜ਼ੁਲਮਾਂ ਦੀ ਦਾਸਤਾਨ ਬਾਦਸਤੂਰ ਜਾਰੀ



ਸੰਸਾਰ ਦੇ ਮੀਟ ਉਤਪਾਦਨ ਵਿਚ, ਗਾਵਾਂ ਮੱਝਾਂ ਦਾ 25 ਪ੍ਰਤੀਸ਼ਤ,  ਸੂਰ ਦਾ 38% ਅਤੇ ਮੁਰਗੀਆਂ ਪੰਛੀਆਂ ਦਾ 30% ਹੁੰਦਾ ਹੈ। ਬੇਜ਼ੁਬਾਨ ਜਾਨਵਰ ਮੱਝਾਂ, ਗਾਵਾਂ, ਢੱਠੇ, ਵੱਛੇ, ਕੁੱਤੇ, ਸੂਰ, ਭੇਡ, ਟਰਕੀ, ਬੱਤਕਾਂ, ਮੁਰਗੇ, ਪੰਛੀ, ਮੱਛੀਆਂ ਆਦਿ ਤੇ ਜ਼ੁਲਮ ਢਾਹੁਣ ਦੀਆਂ ਘਟਨਾਵਾਂ ਅਕਸਰ ਹੀ ਮਿਲਦੀਆਂ ਰਹਿੰਦੀਆਂ ਹਨ। ਜਾਨਵਰਾਂ ਨੂੰ ਮਾਰਨਾ, ਉਹਨਾਂ ਨੂੰ ਜ਼ਿਹਰ ਦੇਣਾ, ਉਹਨਾਂ ਦੇ ਲਈ ਭੋਜਨ ਪਾਣੀ ਇਲਾਜ ਤੇ ਰਹਿਣ ਲਈ ਥਾਂ ਨਾ ਦੇਣਾ ਇਹ ਵੀ ਇੱਕ ਤਰਾਂ ਦਾ ਜ਼ੁਲਮ ਹੈ। ਅਸਲ ਵਿਚ ਵੱਖ ਵੱਖ ਬੁੱਚੜਖਾਨਿਆਂ ਵਿਚ ਜਾਨਵਰਾਂ ਨੂੰ ਮਾਰ ਕੇ ਉਹਨਾਂ ਦਾ ਮਾਸ ਅਤੇ ਖੱਲ ਜਿਹੜੀ ਹੈ ਉਹ ਵੇਚੀ ਜਾਂਦੀ ਹੈ ਤੇ ਇਹ ਇੱਕ ਵੱਡਾ ਕਾਰੋਬਾਰ ਬਣਿਆ ਹੋਇਆ ਹੈ।     ਜਾਨਵਰਾਂ ਨੂੰ ਡਰਾਉਣਾ, ਮਾਰਨਾ, ਕੁੱਟਣਾ, ਤਸੀਹੇ ਦੇਣਾ ਇਹ ਇੱਕ ਅਪਰਾਧ ਹੈ। ਬੁੱਚੜਖਾਨੇ ਵਿਚ ਵੱਡੇ ਜਾਨਵਰਾਂ ਨੂੰ ਇੱਕ ਇੱਕ ਕਰਕੇ ਛੋਟੇ ਰਾਹਾਂ ਰਾਹੀਂ ਅੱਗੇ ਲਿਜਾ ਕੇ ਵੱਖ ਵੱਖ ਦਰਵਾਜ਼ਿਆਂ ਵਿਚ ਦੀ ਭੇਜਿਆ ਜਾਂਦਾ ਹੈ, ਅੱਗੇ ਰਾਹ ਬੰਦ ਕਰ ਕਰਕੇ ਉਹਨਾਂ ਨੂੰ ਅਗਾਂਹ ਤੋਰਿਆ ਜਾਂਦਾ ਹੈ। ਇੱਕ ਥਾਂ ਤੇ ਉਹ ਪੂਰੇ ਘਿਰ ਜਾਂਦੇ ਹਨ ਅਤੇ ਉਥੇ ਉਹਨਾਂ ਨੂੰ ਕਟਾਰ ਨਾਲ ਗਲਾ ਕੱਟ ਕੇ, ਬਿਜਲੀ ਦਾ ਕਰੰਟ ਲਾ ਕੇ ਅਤੇ ਕਿੱਲ ਵਾਲੀ ਗੰਨ ਨਾਲ ਮੱਥੇ ਵਿਚ ਕਿੱਲ ਮਾਰ ਕੇ ਉਹਨਾਂ ਨੂੰ ਮਾਰ ਦਿੱਤਾ ਜਾਂਦਾ ਹੈ। ਇਸ ਤਰਾਂ ਜਾਨਵਰਾਂ ਦੇ ਸਰੀਰ ਵਿੱਚੋਂ ਲਹੂ ਦੀਆਂ ਧਤੀਰੀਆਂ ਵਗ ਜਾਂਦੀਆਂ ਹਨ ਤੇ ਹੌਲੀ ਹੌਲੀ ਸਾਰਾ ਖ਼ੂਨ ਬਾਹਰ ਆ ਜਾਂਦਾ ਹੈ ਤੇ ਜਾਨਵਰ ਮਰ ਜਾਂਦਾ ਹੈ। ਇਸਦਾ ਇੱਕ ਪਾਸਾ ਖੁੱਲ ਜਾਂਦਾ ਹੈ ਤੇ ਢਲਵੀਂ ਥਾਂ ਹੋਣ ਕਰਕੇ ਮਾਰਿਆ ਪਸ਼ੂ ਪਾਸੇ ਨੂੰ ਵਗਾ ਕੇ ਬਾਹਰ ਸੁੱਟ ਦਿੱਤਾ ਜਾਂਦਾ ਹੈ। ਕਈ ਬੁਚੜਖਾਨਿਆਂ ਵਿਚ ਜਾਨਵਰਾਂ ਨੂੰ ਮਾਰਨ ਲਈ ਇਲੈਕਟਰਿਕ ਸਿਸਟਮ ਲੱਗੇ ਹੋਏ ਹਨ। ਇਹ ਵੀ ਇੱਕ ਧੰਦਾ ਹੈ ਕੋਈ ਵੀ ਜਾਨਵਰ ਉਹ ਆਪਣੇ ਆਪ ਮਰਨ ਨੂੰ ਤਿਆਰ ਨਹੀਂ ਹੁੰਦਾ। ਕਈ ਲੋਕ ਗਲੀਆਂ ਦੇ ਵਿੱਚੋਂ, ਮਹੱਲਿਆਂ ਦੇ ਵਿੱਚੋਂ ਪਸ਼ੂਆਂ ਨੂੰ ਖਰੀਦ ਕੇ ਲਿਆਉਂਦੇ ਹਨ ਤੇ ਫਿਰ ਉਹ ਟਰੱਕਾਂ ਰਾਹੀਂ ਉੱਥੇ ਬੁੱਚੜਖਾਨਿਆਂ ਵਿਚ ਲਿਜਾ ਕੇ ਵੇਚਦੇ ਹਨ। ਜਿੱਥੇ ਵੱਖ ਵੱਖ ਢੰਗਾਂ ਨਾਲ ਇਹਨਾਂ ਨੂੰ ਫੜ ਕੇ ਲਿਆਉਂਦੇ ਹਨ। ਜਾਨਵਰਾਂ ਦੇ ਅੱਖਾਂ ਦੇ ਉੱਤੇ ਬੋਰੀ ਬੰਨ ਦਿੱਤੀ ਜਾਂਦੀ ਹੈ ਤਾਂ ਜੋ ਜਾਨਵਰ ਨੂੰ ਦਿਸੇ ਨਾ ਤੇ ਆਪਣੇ ਆਪ ਭੱਜੇ ਨਾ, ਇਸ ਤਰਾਂ ਉਹਨੂੰ ਖਿੱਚ ਕੇ ਅੱਗੇ ਲਿਜਾਇਆ ਜਾਂਦਾ ਹੈ। ਮਿਲੀ ਜਾਣਕਾਰੀ ਅਨੁਸਾਰ ਹਰ ਮਹੀਨੇ ਮਿਲੀਅਨ ਜਾਨਵਰ ਮਾਸ ਲਈ ਮਾਰ ਦਿੱਤੇ ਜਾਂਦੇ ਹਨ ਅਤੇ ਬੁੱਚੜਖਾਨਿਆਂ ਵਿਚ ਫਰਸ਼ਾਂ 'ਤੇ ਗੋਹਾ ਅਤੇ ਖ਼ੂਨ ਲੱਥ ਪੱਥ ਹੋਇਆ ਹੁੰਦਾ ਹੈ ਅਤੇ ਕਈ ਥਾਵਾਂ ਤੇ ਕੰਧਾਂ ਤੇ ਵੀ ਖ਼ੂਨ ਦੇ ਨਿਸ਼ਾਨ ਹੁੰਦੇ ਹਨ। ਜਦੋਂ ਉਹ ਵੱਖ-ਵੱਖ ਟਰੱਕਾਂ ਰਾਹੀਂ ਜਾਨਵਰਾਂ ਨੂੰ ਇੱਕ ਥਾਂ ਤੋਂ ਦੂਜੀ ਥਾਂ ਤੇ ਲਿਜਾਂਦੇ ਹਨ ਤਾਂ ਉਦੋਂ ਜਾਨਵਰਾਂ ਨਾਲ ਧੱਕੇਸ਼ਾਹੀ ਹੁੰਦੀ ਹੈ ਤਾਂ ਉਹਨਾਂ ਦੀਆਂ ਲੱਤਾਂ ਬਾਹਾਂ ਅਕਸਰ ਹੀ ਰਸਤੇ ਵਿਚ ਟੁੱਟ ਜਾਂਦੀਆਂ ਹਨ, ਜ਼ਖ਼ਮੀ ਹੋ ਜਾਂਦੇ ਹਨ ਅਤੇ ਸੱਟਾਂ ਲੱਗ ਜਾਂਦੀਆਂ ਹਨ। ਜਿਹੜੇ ਪਸ਼ੂਆਂ ਨੂੰ ਬੁੱਚੜਖਾਨਿਆਂ ਵਿਚ ਲਿਜਾਇਆ ਜਾਂਦਾ ਹੈ ਤਾਂ ਉੱਥੇ ਪਸ਼ੂਆਂ ਦੇ ਨੱਥ ਪਾਈ ਹੁੰਦੀ ਹੈ ਤੇ ਉਨ੍ਹਾਂ ਪਸ਼ੂਆਂ ਨੂੰ ਕੰਧਾਂ ਤੇ ਲੱਗੇ ਛੇ ਛੇ ਫੁੱਟ ਉੱਚੇ ਕਿੱਲਿਆਂ ਤੇ ਰੱਸੇ ਨਾਲ ਬੰਨ ਦਿੱਤਾ ਜਾਂਦਾ ਹੈ। ਨਾ ਤਾਂ ਉਹ ਚੰਗੀ ਤਰ੍ਹਾਂ ਖੜੇ ਹੋ ਸਕਦੇ ਹਨ, ਨਾ ਬੈਠ ਸਕਦੇ ਹਨ ਤੇ ਨਾ ਲੇਟ ਸਕਦੇ ਹਨ। ਜ਼ੁਲਮਾਂ ਦੀ ਇਹ ਦਾਸਤਾਨ ਅਕਸਰ ਹੀ ਸੋਸ਼ਲ ਮੀਡੀਆ ਤੇ ਦੇਖਣ ਨੂੰ ਮਿਲਦੀ ਹੈ। ਸੋਸ਼ਲ ਮੀਡੀਆ ਤੇ ਵੀਡੀਓ ਕਲਿੱਪ ਦੇਖਣ ਤੇ ਸਾਫ਼ ਜ਼ਾਹਰ ਹੁੰਦਾ ਹੈ। ਇਸੇ ਤਰ੍ਹਾਂ ਭਾਰਤ ਦੇ ਇੱਕ ਉੱਤਰੀ ਸ਼ਹਿਰ ਵਿਚ ਕਿਸੇ ਵਿਅਕਤੀ ਨੂੰ ਕੁੱਟ ਕੁੱਟ ਕੇ ਮਰਨ ਕਿਨਾਰੇ ਕਰ ਦਿੱਤਾ ਸੀ ਕਿਉਂਕਿ ਉਸ ਨੇ ਇਕ ਗਾਂ ਨੂੰ ਮਾਰ ਕੇ ਉਸਦਾ ਮੀਟ ਉਸ ਦੇ ਪਰਿਵਾਰ ਨੇ ਸਟੋਰ ਕਰਕੇ ਰੱਖ ਲਿਆ ਸੀ। ਪੁਲਿਸ ਦਾ ਕਹਿਣਾ ਸੀ ਕਿ ਉਹਨਾਂ ਨੇ ਅੱਠ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਦੋ ਹੋਰਾਂ ਦੀ ਭਾਲ ਜਾਰੀ ਹੈ। ਦੂਜੀ ਧਿਰ ਨੇ ਉਸ ਵਿਅਕਤੀ ਨੂੰ ਉਸ ਦੇ ਬੈਡ ਤੋਂ ਘੜੀਸ ਲਿਆ ਅਤੇ ਠੁੱਡੇ ਮਾਰਦੇ ਹੋਏ ਉਸਨੂੰ ਘਰ ਤੋਂ ਬਾਹਰ ਲੈ ਗਏ ਤੇ ਬਾਅਦ ਵਿਚ ਉਸ ਨੂੰ ਇੱਟਾਂ ਨਾਲ ਰੱਜ ਕੇ ਕੁੱਟਿਆ। ਇਸੇ ਤਰ੍ਹਾਂ ਪਿੱਪਰੀ ਥਾਣਾ ਸਟੇਸ਼ਨ ਦੇ ਪੁਲਿਸ ਅਧਿਕਾਰੀ ਨੇ ਰੇਨੂੰ ਕੂਟ ਰੇਲਵੇ ਸਟੇਸ਼ਨ ਨੇੜੇ ਦੋ ਨੌਜਵਾਨਾਂ ਨੂੰ ਪਾਬੰਦੀਸ਼ੁਦਾ ਮੀਟ ਸਮੇਤ ਗ੍ਰਫਤਾਰ ਕੀਤਾ ਸੀ ਉਹਨਾਂ ਕਿਹਾ ਕਿ ਰੇਣੂ ਕੋਟ ਰੇਲਵੇ ਸਟੇਸ਼ਨ ਨੇੜੇ ਦੋ ਨੌਜਵਾਨ ਵੱਛੇ ਦਾ ਮਾਸ ਲੈ ਕੇ ਜਾ ਰਹੇ ਸਨ ਸੂਚਨਾ ਦੇ ਅਧਾਰ ਤੇ ਪੁਲਿਸ ਨੇ ਦੋਵਾਂ ਮੁਲਾਜ਼ਮਾਂ ਨੂੰ ਗ੍ਰਿਫਤਾਰ ਕਰਕੇ ਵੱਛੇ ਦਾ ਮਾਸ ਬਰਾਮਦ ਕੀਤਾ ਸੀ ਦੂਜੀ ਧਿਰ ਦੇ ਲੋਕਾਂ ਨੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ ਸੀ। ਪੁਲਿਸ ਇਸ ਮਾਮਲੇ ਵਿਚ ਆਪਣੀ ਕਾਰਵਾਈ ਕਰ ਰਹੀ ਸੀ। ਜ਼ਿਲ੍ਹਾ ਪਠਾਨਕੋਟ ਦੀ ਪੁਲਿਸ ਨੇ ਗਊਆਂ ਦਾ ਮਾਸ ਵੇਚਣ ਵਾਲੇ ਇੱਕ ਗਰੁੱਪ ਦੇ ਤਿੰਨ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਸੀ ਇਹਨਾਂ ਵੱਲੋਂ ਤਿੰਨ ਗਊਆਂ ਕੱਟਣ ਲਈ ਲਿਆਂਦੀਆਂ ਸਨ ਇਹ ਮੌਕੇ ਤੇ ਹੀ ਬਰਾਮਦ ਕੀਤੀਆ ਗਈਆਂ ਦੋ ਮਰੇ ਵੱਛੇ  ਤੇਜ਼ ਹਥਿਆਰ ਅਤੇ ਇੱਕ ਵਾਹਨ ਵੀ ਕਾਬੂ ਕੀਤਾ ਗਿਆ। ਇਹ ਗਰੁੱਪ ਦੇ ਮੈਂਬਰ ਮੀਟ ਨੂੰ ਦੂਜੇ ਸੂਬਿਆਂ ਵਿਚ ਭੇਜਦੇ ਸਨ। ਇਹਨਾਂ ਦਾ ਨੈੱਟਵਰਕ ਦੂਰ ਤੱਕ ਫੈਲਿਆ ਹੋਇਆ ਸੀ।     ਪੁਲਿਸ ਦੇ ਛਾਪੇ ਤੋਂ ਪਹਿਲਾਂ ਹੀ ਗਊ ਹੱਤਿਆ ਅਤੇ ਬੀਫ ਵੇਚਣ ਵਾਲੇ ਗਰੁੱਪ ਦੇ ਮੈਂਬਰ ਫਰਾਰ ਹੋ ਗਏ ਸੀ ਪੁਲਿਸ ਨੇ ਮੌਕੇ ਤੇ 10 ਗਊਆਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਅਤੇ ਦੋ ਗੱਡੀਆਂ ਵੀ ਕਾਬੂ ਕੀਤੀਆਂ ਗਈਆਂ ਜਿਸ ਵਿਚ ਇਸਦੀ ਸਪਲਾਈ ਹੋਣੀ ਸੀ। ਮਿਲੀ ਜਾਣਕਾਰੀ ਅਨੁਸਾਰ ਪਿੰਡ ਮੋਹਨਪੁਰ ਦੇ ਟਾਵਰ ਇਲਾਕੇ ਵਿਚ ਗਊਆਂ ਵੱਢੀਆਂ ਗਈਆਂ। ਪੁਲਿਸ ਨੇ ਅਣਪਛਾਤੇ ਲੋਕਾਂ ਤੇ ਕੇਸ ਦਰਜ਼ ਕਰਕੇ ਉਹਨਾਂ ਦੀ ਭਾਲ ਸ਼ੁਰੂ ਕਰ ਦਿੱਤੀ।     ਜਿੱਥੇ ਬੁੱਚੜਖਾਨੇ ਬਣੇ ਹੋਏ ਹਨ ਉੱਥੇ ਪਸ਼ੂਆਂ ਦੀ ਗੰਦਗੀ ਬਦਬੂ ਮਾਰਦੀ ਹੈ ਤੇ ਇਲਾਕੇ ਨੂੰ ਪ੍ਰਭਾਵਿਤ ਕਰਦੀ ਹੈ। ਇਹ ਬਦਬੂ ਚਾਰੇ ਪਾਸੇ ਫੈਲ ਜਾਂਦੀ ਹੈ ਜਿਸ ਕਰਕੇ ਇਲਾਕੇ ਦੇ ਲੋਕਾਂ ਨੂੰ ਬੜੀ ਕਠਿਨਾਈ ਦਾ ਸਾਹਮਣਾ ਕਰਨਾ ਪੈਂਦਾ ਹੈ। ਬਹੁਤ ਸਾਰੇ ਦੇਸ਼ਾਂ ਵਿਚ ਪਸ਼ੂਆਂ ਦਾ ਮਾਸ ਬਰਗਰ ਅਤੇ ਹੋਰ ਖਾਣ ਵਾਲੀਆਂ ਚੀਜ਼ਾਂ ਵਿਚ ਪਾ ਕੇ, ਬਣਾ ਕੇ ਪਰੋਸਿਆ ਜਾਂਦਾ ਹੈ। ਅਸਲ ਵਿਚ ਕੁੱਝ ਲੋਕ ਪਿੰਡਾਂ ਸ਼ਹਿਰਾਂ ਤੋਂ ਪਸ਼ੂਆਂ ਨੂੰ ਖਰੀਦ ਕੇ ਲਿਆਉਂਦੇ ਹਨ ਤੇ ਉਹ ਆਪਣੇ ਵੱਖ ਵੱਖ ਢੰਗ ਰਾਹੀਂ ਬੁਚੜਖਾਨੇ ਤੱਕ ਪਹੁੰਚਾਉਂਦੇ ਹਨ। ਅਸਲ ਵਿਚ ਜੇਕਰ ਜਾਨਵਰਾਂ ਦੀ ਮਾਸ ਦੀ ਮੰਗ ਘਟ ਜਾਵੇ, ਜਾਨਵਰਾਂ ਤੇ ਹੋ ਰਹੇ ਜ਼ੁਲਮਾਂ ਦਾ ਵੱਡੀ ਪੱਧਰ ਤੇ ਪ੍ਰਚਾਰ ਕੀਤਾ ਜਾਵੇ ਕਿ ਹਰ ਇੱਕ ਨੂੰ ਜਿਉਣ ਦਾ ਹੱਕ ਹੈ ਭਾਵੇਂ ਉਹ ਮਨੁੱਖ ਹੋਵੇ ਭਾਵੇਂ ਉਹ ਜਾਨਵਰ ਹੋਵੇ। ਅਸਲ ਵਿਚ ਪਸ਼ੂਆਂ ਨੂੰ ਤੰਗ ਕਰਨਾ ਹੀ ਇੱਕ ਜ਼ੁਲਮ ਹੈ। ਪਸ਼ੂ ਨੂੰ ਬਚਾਉਣ ਲਈ ਬਹੁਤ ਸਾਰੇ ਢੰਗ ਤਰੀਕੇ ਬਣਾ ਸਕਦੇ ਹਾਂ। ਸਭ ਨੂੰ ਜਾਨਵਰਾਂ ਦੇ ਜ਼ੁਲਮਾਂ ਦੀ ਰਿਪੋਰਟ ਦਰਜ ਕਰਾਉਣ ਦੀ ਜਾਣਕਾਰੀ ਹੋਣੀ ਚਾਹੀਦੀ ਹੈ ਤਾਂ ਜੋ ਉਹ ਆਪਣੇ ਇਲਾਕੇ ਵਿਚ ਇਹ ਕਾਰਵਾਈ ਕਰ ਸਕਣ। ਉਨ੍ਹਾਂ ਨੂੰ ਜਾਨਵਰਾਂ ਦੀ ਪਹਿਚਾਨ ਹੋਣੀ ਚਾਹੀਦੀ ਹੈ ਇਸ ਮਾਮਲੇ ਸਬੰਧੀ ਉਹ ਲੋਕਲ ਕਿਸੇ ਵਿਭਾਗ ਨਾਲ ਤਾਲਮੇਲ ਕਰ ਸਕਦੇ ਹਨ। ਇਸ ਤਰ੍ਹਾਂ ਇਹ ਦੂਜਿਆਂ ਲਈ ਉਦਾਹਰਨ ਬਣ ਸਕਦੀ ਹੈ। ਆਪਣੇ ਆਪਣੇ ਘਰਾਂ ਵਿਚ ਬੱਚਿਆਂ ਨੂੰ ਜਾਨਵਰਾਂ ਅਤੇ ਉਹਨਾਂ ਤੇ ਹੋ ਰਹੇ ਜ਼ੁਲਮਾਂ ਦੀ ਰੋਕਥਾਮ ਬਾਰੇ ਵਿਚਾਰ ਵਟਾਂਦਰਾ ਕਰਨਾ ਚਾਹੀਦਾ ਹੈ। ਇਲਾਕੇ ਵਿਚ ਆਪਣੇ ਜਾਨਵਰ ਸੰਭਾਲ ਸੰਸਥਾਵਾਂ ਨਾਲ ਤਾਲਮੇਲ ਕਰਨਾ ਚਾਹੀਦਾ ਹੈ। ਜਾਨਵਰਾਂ ਦਾ ਕੱਚਾ ਮਾਸ ਖਾਣ ਨਾਲ ਕੈਂਸਰ, ਡਾਇਬਟੀਜ਼ ਆਦਿ ਵਰਗੀਆਂ ਬਿਮਾਰੀਆਂ ਪੈਦਾ ਹੁੰਦੀਆਂ ਹਨ। ਇਸ ਦੁਨੀਆਂ ਵਿਚ ਹਰੇਕ ਨੂੰ ਜਿਉਣ ਦਾ ਹੱਕ ਹੈ ਫਿਰ ਕਿਉਂ ਜਾਨਵਰਾਂ ਨੂੰ ਮਾਰਿਆ ਜਾਂਦਾ ਹੈ। ਇਹਨਾਂ ਦੇ ਰੱਖ ਰਖਾ ਲਈ ਜੋ ਸੰਸਥਾਵਾਂ ਬਣੀਆਂ ਹਨ ਉੱਥੇ ਅਵਾਰਾ ਪਸ਼ੂਆਂ ਨੂੰ ਪਹੁੰਚਾਇਆ ਜਾ ਸਕਦਾ। ਇਹ ਸੜਕਾਂ ਤੇ ਵੀ ਨਹੀਂ ਹੋਣੇ ਚਾਹੀਦੇ ਇਹ ਤਾਂ "ਪਸ਼ੂ ਸ਼ਾਲਾ" ਵਿਚ ਹੋਣ, ਇਥੇ ਚੰਗੀ ਤਰ੍ਹਾਂ ਸੰਭਾਲ ਹੋਣੀ ਚਾਹੀਦੀ ਹੈ। ਇਸ ਕਾਰਜ ਲਈ ਸਾਂਝੇ ਉਪਰਾਲਿਆਂ ਦੀ ਵੱਡੇ ਪੱਧਰ ਤੇ ਲੋੜ ਹੈ ਤਾਂ ਹੀ ਅਸੀਂ ਜਾਨਵਰ ਨੂੰ ਬਚਾ ਸਕਦੇ ਹਾਂ ਅਤੇ ਉਨ੍ਹਾਂ ਦੀ ਸੰਭਾਲ ਕਰ ਸਕਦੇ ਹਾਂ।

**-ਪ੍ਰਿੰਸੀਪਲ ਜਸਪਾਲ ਸਿੰਘ ਲੋਹਾਮ**
**ਪੱਕਾ ਪਤਾ:** ਮਕਾਨ ਨੰਬਰ 166 ਗਲੀ ਹਜਾਰਾ ਸਿੰਘ ਮੋਗਾ
**ਮੌਜੂਦਾ ਪਤਾ:** 14312, 71 ਏ ਸਰੀ ਕਨੇਡਾ
**ਵਟਸਐਪ:** +91-97-810-40140


# ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਨ ਤੇ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਜਾਵੇਗਾ ਰਾਸ਼ਨ : ਭਾਨ ਸਿੰਘ ਜੱਸੀ

## ਮਜਲੂਮਾਂ ਦੇ ਹਿੱਤਾਂ ਲਈ ਕੀਤੀ ਸੀ ਗੁਰੂ ਸਾਹਿਬ ਨੇ ਵੱਡੀ ਕੁਰਬਾਨੀ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਦੱਬੇ ਕੁਚਲੇ , ਨਿਮਾਣੇ , ਨਿਤਾਣੇ ਲੋਕਾਂ ਦੇ ਜਮੂਰੀ ਹੱਕਾਂ ਦੀ ਲੜਾਈ ਲੜਨ ਵਾਲੇ ਪਾਤਸ਼ਾਹ ਜੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ  ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਵੱਖ ਵੱਖ ਸਮਾਗਮਾਂ ਦੌਰਾਨ ਲਗਭਗ 50 ਲੋੜਵੰਦ ਪਰਿਵਾਰਾਂ ਨੂੰ ਰਾਸਨ ਵੰਡਣ ਦੀ ਸੇਵਾ ਕਰਕੇ ਗੁਰੂ ਸਾਹਿਬ ਨੂੰ ਸ਼ਰਧਾਂਜਲੀ ਭੇਂਟ ਕੀਤੀ ਜਾਵੇਗੀ। ਉਪਰੋਕਤ ਵਿਚਾਰ ਪ੍ਰਗਟ ਕਰਦਿਆਂ ਸ੍ਰੀ ਗੁਰੂ ਨਾਨਕ ਸਲੱਮ ਸੇਵਾ ਮਿਸ਼ਨ (ਪੰਜਾਬ) ਦੇ ਪ੍ਰਧਾਨ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ ਦੀ ਸਰਪ੍ਰਸਤੀ ਅਧੀਨ ਕਰਵਾਏ ਜਾਣ ਵਾਲੇ ਇਨਾਂ ਸਮਾਗਮਾਂ ਦੌਰਾਨ ਜਿੱਥੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਣ ਦੀ ਸੇਵਾ ਕੀਤੀ ਜਾਵੇਗੀ ਉਥੇ ਸੰਗਤਾਂ ਵੱਲੋਂ ਸਤਿਨਾਮ ਵਾਹਿਗੁਰੂ ਦਾ ਜਾਪ ਵੀ ਕੀਤਾ ਜਾਵੇਗਾ। ਸਮਾਜ ਸੇਵੀ ਭਾਨ ਸਿੰਘ ਜੱਸੀ (ਜੱਸੀ ਪੇਦਨੀ )  ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਇਨਸਾਨੀਅਤ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦੇ ਹੋਏ ਉਸ ਵਕਤ ਦੀ ਜਾਬਰ ਹਕੂਮਤ ਨੂੰ ਚੁਣੌਤੀ ਦਿੰਦੇ ਹੋਏ  ਦਿੱਲੀ ਦੇ ਚਾਂਦਨੀ ਚੌਂਕ ਵਿੱਚ ਆਪਣੇ ਸੀਸ ਦਾ ਬਲੀਦਾਨ ਦਿੰਦਿਆਂ ਆਮ ਲੁਕਾਈ ਨੂੰ ਮਜਲੂਮਾਂ ਨਾਲ ਖੜਨ ਦਾ ਪੈਗਾਮ ਦਿੱਤਾ, ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਖਾਵਾ ਕਰਨ ਦੀ ਬਜਾਏ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ "ਅਮਲਾਂ ਵਿੱਚ"  ਸਮਾਜ ਲਈ ਕੁਝ ਚੰਗਾ ਕਰਨ ਦੇ ਯਤਨਾ ਵਜੋਂ ਅੱਗੇ ਆਉਣ।

# ਦਿੱਲੀ ਹਾਈਕੋਰਟ ਵਲੋਂ ਸੱਜਣ ਕੁਮਾਰ ਨੂੰ ਸੁਣਾਈ ਗਈ ਉਮਰ ਕੈਦ ਦੀ ਸਜ਼ਾ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੀਬੀਆਈ ਨੂੰ ਨੋਟਿਸ ਜਾਰੀ



ਨਵੀਂ ਦਿੱਲੀ 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਦਿੱਲੀ ਹਾਈ ਕੋਰਟ ਨੇ 1984 ਦੇ ਸਿੱਖ ਕਤਲੇਆਮ ਦੌਰਾਨ ਸਰਸਵਤੀ ਵਿਹਾਰ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਨੂੰ ਚੁਣੌਤੀ ਦੇਣ ਵਾਲੀ ਸੱਜਣ ਕੁਮਾਰ ਦੀ ਪਟੀਸ਼ਨ 'ਤੇ ਸੀਬੀਆਈ ਨੂੰ ਨੋਟਿਸ ਜਾਰੀ ਕੀਤਾ ਹੈ। ਜਸਟਿਸ ਵਿਵੇਕ ਚੌਧਰੀ ਦੀ ਅਗਵਾਈ ਵਾਲੇ ਬੈਂਚ ਨੇ ਹੁਣ ਅਗਲੀ ਸੁਣਵਾਈ 28 ਜਨਵਰੀ, 2026 ਲਈ ਤੈਅ ਕੀਤੀ ਹੈ। ਰਾਊਜ਼ ਐਵੇਨਿਊ ਅਦਾਲਤ ਨੇ 12 ਫਰਵਰੀ ਨੂੰ ਸੱਜਣ ਕੁਮਾਰ ਨੂੰ ਦੋਸ਼ੀ ਠਹਿਰਾਇਆ ਅਤੇ 25 ਫਰਵਰੀ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ। ਜਿਕਰਯੋਗ ਹੈ ਕਿ ਇਹ ਮਾਮਲਾ 1 ਨਵੰਬਰ, 1984 ਦਾ ਹੈ, ਜਦੋਂ ਪੱਛਮੀ ਦਿੱਲੀ ਦੇ ਰਾਜ ਨਗਰ ਵਿੱਚ ਸਰਦਾਰ ਜਸਵੰਤ ਸਿੰਘ ਅਤੇ ਸਰਦਾਰ ਤਰੁਣਦੀਪ ਸਿੰਘ ਦੀ ਹੱਤਿਆ ਕਰ ਦਿੱਤੀ ਗਈ ਸੀ। ਸ਼ਾਮ 4:30 ਵਜੇ ਦੇ ਕਰੀਬ, ਦੰਗਾਕਾਰੀਆਂ ਦੀ ਇੱਕ ਭੀੜ ਨੇ ਰਾਜ ਨਗਰ ਇਲਾਕੇ ਵਿੱਚ ਪੀੜਤਾਂ ਦੇ ਘਰ 'ਤੇ ਲੋਹੇ ਦੀਆਂ ਰਾਡਾਂ ਅਤੇ ਡੰਡਿਆਂ ਨਾਲ ਹਮਲਾ ਕਰ ਦਿੱਤਾ। ਸ਼ਿਕਾਇਤਕਰਤਾਵਾਂ ਦੇ ਅਨੁਸਾਰ, ਇਸ ਭੀੜ ਦੀ ਅਗਵਾਈ ਸੱਜਣ ਕੁਮਾਰ ਕਰ ਰਹੇ ਸਨ, ਜੋ ਉਸ ਸਮੇਂ ਬਾਹਰੀ ਦਿੱਲੀ ਲੋਕ ਸਭਾ ਹਲਕੇ ਤੋਂ ਕਾਂਗਰਸ ਦੇ ਸੰਸਦ ਮੈਂਬਰ ਸਨ। ਸ਼ਿਕਾਇਤਕਰਤਾ ਦੇ ਅਨੁਸਾਰ, ਸੱਜਣ ਕੁਮਾਰ ਨੇ ਭੀੜ ਨੂੰ ਹਮਲਾ ਕਰਨ ਲਈ ਉਕਸਾਇਆ, ਜਿਸ ਤੋਂ ਬਾਅਦ ਭੀੜ ਨੇ ਸਰਦਾਰ ਜਸਵੰਤ ਸਿੰਘ ਅਤੇ ਸਰਦਾਰ ਤਰੁਣਦੀਪ ਸਿੰਘ ਨੂੰ ਜ਼ਿੰਦਾ ਸਾੜ ਦਿੱਤਾ। ਭੀੜ ਨੇ ਪੀੜਤਾਂ ਦੇ ਘਰਾਂ ਵਿੱਚ ਭੰਨਤੋੜ ਕੀਤੀ, ਲੁੱਟਮਾਰ ਕੀਤੀ ਅਤੇ ਅੱਗ ਲਗਾ ਦਿੱਤੀ। ਤਤਕਾਲੀ ਮੁੱਖ ਮੰਤਰੀ ਰੰਗਨਾਥ ਮਿਸ਼ਰਾ ਦੀ ਅਗਵਾਈ ਵਾਲੇ ਜਾਂਚ ਕਮਿਸ਼ਨ ਦੇ ਸਾਹਮਣੇ ਸ਼ਿਕਾਇਤਕਰਤਾ ਦੇ ਹਲਫ਼ਨਾਮੇ ਦੇ ਆਧਾਰ 'ਤੇ, ਉੱਤਰੀ ਜ਼ਿਲ੍ਹੇ ਦੇ ਸਰਸਵਤੀ ਵਿਹਾਰ ਪੁਲਿਸ ਸਟੇਸ਼ਨ ਵਿੱਚ ਇੱਕ ਐਫਆਈਆਰ ਦਰਜ ਕੀਤੀ ਗਈ ਸੀ। ਐਫਆਈਆਰ ਵਿੱਚ ਭਾਰਤੀ ਦੰਡ ਸੰਹਿਤਾ ਦੀਆਂ ਧਾਰਾਵਾਂ 147, 148, 149, 395, 397, 302, 307, 436 ਅਤੇ 440 ਦੇ ਤਹਿਤ ਦੋਸ਼ ਲਗਾਏ ਗਏ ਹਨ। ਦਸਣਯੋਗ ਹੈ ਕਿ ਰਾਊਸ ਐਵੇਨਿਊ ਅਦਾਲਤ ਨੇ ਸੱਜਣ ਕੁਮਾਰ ਦੇ ਮਾਮਲੇ 'ਤੇ ਫੈਸਲਾ 31 ਜਨਵਰੀ, 2025 ਨੂੰ ਮੁਲਤਵੀ ਕਰ ਦਿੱਤਾ ਸੀ। ਇਸ ਤੋਂ ਪਹਿਲਾਂ, ਫੈਸਲਾ 8 ਜਨਵਰੀ ਅਤੇ 16 ਦਸੰਬਰ, 2024 ਨੂੰ ਮੁਲਤਵੀ ਕਰ ਦਿੱਤਾ ਗਿਆ ਸੀ। ਦੋਵਾਂ ਮੌਕਿਆਂ 'ਤੇ, ਸੱਜਣ ਕੁਮਾਰ, ਜੋ ਕਿ ਤਿਹਾੜ ਜੇਲ੍ਹ ਵਿੱਚ ਹੈ, ਵੀਡੀਓ ਕਾਨਫਰੰਸ ਰਾਹੀਂ ਵਿਸ਼ੇਸ਼ ਜੱਜ ਕਾਵੇਰੀ ਬਾਵੇਜਾ ਦੇ ਸਾਹਮਣੇ ਪੇਸ਼ ਹੋਇਆ। ਦਸੰਬਰ 2021 ਵਿੱਚ, ਸੱਜਣ ਕੁਮਾਰ ਨੇ ਮਾਮਲੇ ਵਿੱਚ ਖੁਦ ਨੂੰ ਬੇਕਸੂਰ ਦੱਸਿਆ ਅਤੇ ਮੁਕੱਦਮੇ ਦਾ ਸਾਹਮਣਾ ਕਰਨ ਲਈ ਸਹਿਮਤੀ ਪ੍ਰਗਟਾਈ। ਉਸਨੂੰ ਮੁਕੱਦਮੇ ਵਿੱਚ ਦੋਸ਼ੀ ਪਾਇਆ ਗਿਆ। ਇਸ ਤੋਂ ਬਾਅਦ, ਉਸਦੇ ਖਿਲਾਫ ਦੋਸ਼ ਤੈਅ ਕਰਨ ਦਾ ਹੁਕਮ ਜਾਰੀ ਕੀਤਾ ਗਿਆ।

# ਚੰਡੀਗੜ੍ਹ ਤੇ ਸਿਰਫ ਪੰਜਾਬ ਦਾ ਹੱਕ ਹੈ ਅਤੇ ਰਹੇਗਾ : ਪਰਮਜੀਤ ਸਿੰਘ ਪੰਮਾ ਬਾਠ



**ਧੂਰੀ ( ਰਣਜੀਤ ਸਿੰਘ ਪੇਧਨੀ )**-ਚੰਡੀਗੜ੍ਹ ਤੇ ਸਿਰਫ ਪੰਜਾਬ ਦਾ ਹੱਕ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਚੰਡੀਗੜ੍ਹ ਬਣਿਆਂ ਚੰਡੀਗੜ੍ਹ ਤੇ ਸਿਰਫ ਪੰਜਾਬ ਦਾ ਹੱਕ ਹੈ ਰਹੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਤੇ ਪੰਜਾਬ ਦੇ ਹੱਕ ਤੇ ਡਾਕਾ ਮਾਰਨ ਦੀ ਤਿਆਰੀ ਇਸ ਸ਼ੋਧ ਦਾ ਮਤਲਬ ਹੈ ਚੰਡੀਗੜ੍ਹ ਦਾ ਪੁਰਨ ਪ੍ਰਬੰਧ ਕੇਂਦਰ ਕੋਲ ਚਲਾ ਜਾਵੇਗਾ। ਕੇਂਦਰ ਦੀ ਸਾਜ਼ਿਸ਼ ਕਾਮਯਾਬ ਨਹੀਂ ਹੋਣ ਦੇਵਾਂਗੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਸਰਦ ਰੁੱਤ ਇਜਲਾਸ 'ਚ ਰਾਜਨੀਤਕ ਤੌਰ 'ਤੇ ਸੰਵੇਦਨਸ਼ੀਲ 131ਵਾਂ ਸੋਧ ਬਿੱਲ ਲਿਆ ਰਹੀ ਹੈ। (ਜਿਸ ਅਧੀਨ) ਚੰਡੀਗੜ੍ਹ ਨੂੰ ਅਨੁਛੇਦ 240 ਅਧੀਨ ਲਿਆਉਣਾ ਪੰਜਾਬ ਵਿਚ ਵਿਰੋਧ ਪੈਦਾ ਕਰ ਸਕਦਾ ਹੈ। ਜਦੋਂ ਕਿ 'ਐਨ.ਡੀ.ਟੀ.ਵੀ. ਪ੍ਰਾਫਿਟ' ਨੇ ਲਿਖਿਆ ਕਿ ਇਹ ਸੋਧ ਪੰਜਾਬ ਦੀਆਂ 2027 ਦੀਆਂ ਚੋਣਾਂ ਤੋਂ ਪਹਿਲਾਂ ਤਣਾਅ ਵਧਾ ਸਕਦੀ ਹੈ।

## ਅੱਜ 350 ਸਾਲਾ ਸ਼ਹੀਦੀ ਸ਼ਤਾਬਦੀ 'ਤੇ ਵਿਸ਼ੇਸ਼

# ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲ ਦਾਸ ਜੀ ਦੀ ਸ਼ਹੀਦੀ

## ਟੁਕੜੇ ਏਸ ਸਰੀਰ ਦੇ, ਕਰੋ ਜੇ ਲੱਖ ਕਰੋੜ। ਤਾਂ ਭੀ ਧਰਮ ਨਾ ਛੋੜਸਾਂ, ਦੀਨ ਤੇਰਾ ਨਹੀ ਲੋੜ।

ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸਮੇਂ ਦਿੱਲੀ ਗੁਰੂ ਸਾਹਿਬ ਨਾਲ ਤਿੰਨ ਗੁਰਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲ ਦਾਸ ਜੀ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸਾਹਮਣੇ ਇਸ ਲਈ ਬੜੀ ਬੇਦਰਦੀ ਤੇ ਕਾਇਰਤਾ ਨਾਲ ਸ਼ਹੀਦ ਕੀਤਾ ਗਿਆ ਕਿ ਗੁਰੂ ਸਾਹਿਬ ਇਸ ਕਤਲੋਗਾਰਤ ਨੂੰ ਵੇਖ ਕੇ ਦਹਿਲ ਜਾਣ ਤੇ ਇਸਲਾਮ ਕਬੂਲ ਕਰ ਲੈਣ, ਜਿਸ ਨਾਲ ਔਰੰਗਜ਼ੇਬ ਦਾ ਹਿੰਦੂਆਂ ਨੂੰ ਮੁਸਲਮਾਨ ਬਣਾਉਣ ਦਾ ਜੋ ਮਿੱਥਿਆ ਹੋਇਆ ਟੀਚਾ ਸੀ, ਉਹ ਅਸਾਨੀ ਨਾਲ ਪੂਰਾ ਹੋ ਸਕੇ, ਪਰ ਸ਼ਾਇਦ ਇਹ ਇੰਨ੍ਹਾਂ ਸੋਖਾ ਕੰਮ ਨਹੀ ਸੀ। ਇੰਨ੍ਹਾਂ ਤਿੰਨ ਗੁਰਸਿੱਖਾਂ ਨੇ ਆਪਣੀ ਸ਼ਹੀਦੀ ਸਮੇਂ ਆਖਰੀ

ਆਵਾਜ਼ਿ ਕੌਮ AWAZE QAUM International Newspaper & WEB TV

ਖਵਾਹਿਸ਼ ਇਹ ਦੱਸੀ ਕਿ ਸ਼ਹੀਦੀ ਸਮੇਂ ਸਾਡਾ ਮੂੰਹ ਗੁਰੂ ਤੇਗ ਬਹਾਦਰ ਜੀ ਵੱਲ ਰਹਿਣ ਦਿੱਤਾ ਜਾਵੇ ਤਾਂ ਜੋ ਅੰਤਲੇ ਸਵਾਸ ਗੁਰੂ ਸਾਹਿਬ ਦੇ ਦਰਸ਼ਨ ਹੁੰਦੇ ਰਹਿਣ।ਭਾਈ ਮਤੀ ਦਾਸ ਅਤੇ ਭਾਈ ਸਤੀ ਦਾਸ ਜੀ ਦਾ ਜਨਮ ਪਿੰਡ ਕਰਿਆਲਾ ਜਿਲ੍ਹਾ ਜੇਹਲਮ ਵਿੱਚ ਹੋਇਆ। ਆਪ ਦੇ ਪਿਤਾ ਦਾ ਨਾਂ ਭਾਈ ਹੀਰਾ ਨੰਦ ਸੀ, ਦਾਦਾ ਲੱਖੀ ਦਾਸ ਤੇ ਪੜਦਾਦਾ ਭਾਈ ਪਰਾਗਾ ਦਾਸ ਜੀ ਸਨ। ਇੰਨ੍ਹਾਂ ਤਿੰਨਾਂ ਗੁਰਸਿੱਖਾਂ ਦੇ ਵੱਡ-ਵਡੇਰੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸਮੇਂ ਤੋਂ ਹੀ ਗੁਰੂ ਘਰ ਨਾਲ ਜੁੜੇ ਹੋਏ ਸਨ। ਭਾਈ ਪਰਾਗਾ ਦਾਸ ਜੀ ਗੁਰੂ ਹਰਿਗੋਬਿੰਦ ਸਾਹਬ ਜੀ ਦੀ ਫੋਜ ਵਿੱਚ ਭਰਤੀ ਸਨ। ਸਿੱਖ ਧਰਮ ਦੀ ਪਹਿਲੀ ਜੰਗ 1628 ਈ: ਵਿੱਚ ਹੋਈ ਸੀ। ਅੰਮ੍ਰਿਤਸਰ ਸ਼ਹਿਰ ਗੁਮਟਾਲਾ ਤੋਂ ਬਾਜ਼ ਤੋਂ ਸ਼ੁਰੂ ਹੋਈ ਲੜਾਈ ਪਿੰਡ ਚੱਬੇ ਦੇ ਮੈਦਾਨੇ-ਏ-ਜੰਗ ਗੁ. ਸ੍ਰੀ ਸੰਗਰਾਣਾ ਸਾਹਿਬ ਵਿੱਚ ਸਮਾਪਤ ਹੋਈ। ਇਸ ਲੜਾਈ ਵਿੱਚ ਭਾਈ ਮਤੀ ਦਾਸ ਤੇ ਭਾਈ ਸਤੀ ਦਾਸ ਜੀ ਦੇ ਪੜ੍ਹਦਾਦਾ ਭਾਈ ਪਰਾਗਾ ਦਾਸ ਜੀ ਮੁਗਲ ਕਮਾਂਡਰ ਮੁਖਲਿਸ ਖਾਨ ਨਾਲ ਲੜਦਿਆਂ ਸ਼ਹੀਦ ਹੋ ਗਏ ਸਨ।ਇਹਨਾਂ ਤਿੰਨਾਂ ਗੁਰਸਿੱਖਾਂ ਦੀ ਬੰਸ ਦਾ ਵੇਰਵਾ 'ਭੱਟ ਵਹੀ ਮੁਲਤਾਨੀ ਸਿੰਧੀ' ਵਿੱਚ ਇਉਂ ਅੰਕਿਤ ਹੈ:

**ਦਿਆਲ ਦਾਸ ਬੇਟਾ ਮਾਈ ਦਾਸ ਕਾ,ਪੋਤਾ ਬਾਲੂ ਕਾ,**
**ਪੜਪੋਤਾ ਮੂਲੇ ਕਾ, ਗੁਰੂ ਗੈਲ ਮੱਘਰ ਸੁਦੀ ਪੰਚਮੀ**
**ਸੰਬਤ 1732 ਦਿੱਲੀ ਚਾਂਦਨੀ ਚੌਂਕ ਕੇ ਮਹਾਨ, ਸ਼ਾਹੀ**
**ਹੁਕਮ ਗੈਲ ਮਾਰਾ ਗਯਾ। ਗੈਲੋ ਮਤੀ ਦਾਸ,**
**ਸਤੀ ਦਾਸ ਬੇਟੇ ਹਰਿ ਨੰਦ ਕੇ, ਪੋਤੇ ਲਖੀ ਦਾਸ ਕੇ**
**ਪੜਪੋਤੇ ਪਰਾਗਾ ਕੇ, ਬੰਸ ਗੋਤਮ ਕਾ, ਸਰਸਵਤੀ**
**ਭਾਗਵਤ ਗੋਤਰ ਬ੍ਰਾਹਮਣ ਛਿਬਰ ਮਾਰੇ ਗਏ।।**

ਭਾਈ ਮਤੀ ਦਾਸ ਤੇ ਭਾਈ ਸਤੀ ਦਾਸ ਜੀ ਦੇ ਪਿਤਾ ਭਾਈ ਹੀਰਾ ਨੰਦ ਜੀ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਸੱਚੇ ਸਿੱਖ ਸ਼ਰਧਾਲੂ ਸਨ। ਸੰਨ 1657 ਈ: ਵਿੱਚ ਹੀਰਾ ਨੰਦ ਜੀ ਨੇ ਸਵਰਗਵਾਸ ਹੋਣ ਤੋਂ ਪਹਿਲਾਂ ਭਾਈ ਮਤੀ ਦਾਸ ਤੇ ਭਾਈ ਸਤੀ ਦਾਸ ਨੂੰ ਗੁਰੂ ਸਾਹਿਬ ਜੀ ਦੇ ਚਰਨੀਂ ਲਾਇਆ। ਗੁਰੂ ਹਰਿਰਾਏ ਤੇ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦੇ 'ਦੀਵਾਨ' ਭਾਈ ਦੁਰਗਾ ਮੱਲ ਦੇ ਆਪ ਦੋਨੋਂ ਭਤੀਜੇ ਸਨ। ਆਪਣਾ ਅੰਤ ਸਮਾਂ ਨੇੜੇ ਆਇਆ ਜਾਣ ਕੇ ਦੁਰਗਾ ਮੱਲ ਦੀ ਭਾਈ ਮਤੀ ਦਾਸ ਨੂੰ ਗੁਰੂ ਘਰ ਦਾ 'ਦੀਵਾਨ' ਤੇ ਸਤੀ ਦਾਸ ਨੂੰ 'ਵਜੀਰ' ਬਣਾਉਣ ਦੀ ਬੇਨਤੀ ਨੂੰ ਗੁਰੂ ਸਾਹਿਬ ਨੇ ਪ੍ਰਵਾਨ ਕੀਤਾ।

ਤੀਜੇ ਗੁਰਸਿੱਖ ਭਾਈ ਦਿਆਲ ਦਾਸ ਦਾ ਜਨਮ ਅਲੀਪੁਰ ਮੁਲਤਾਨ ਵਿੱਚ ਹੋਇਆ। ਆਪ ਦੇ ਪਿਤਾ ਦਾ ਨਾਂ ਭਾਈ ਮਾਈ ਦਾਸ, ਦਾਦਾ ਭਾਈ ਬਾਲੂ ਜੀ ਤੇ ਪੜਦਾਦੇ ਦਾ ਨਾਂ ਭਾਈ ਮੂਲਾ ਸੀ। ਭਾਈ ਦਿਆਲ ਦਾਸ ਦੇ ਪੜ੍ਹਦਾਦਾ ਭਾਈ ਮੂਲਾ ਜੀ , ਭਾਈ ਮਤੀ ਦਾਸ ਤੇ ਸਤੀ ਦਾਸ ਦੇ ਪੜ੍ਹਦਾਦਾ ਭਾਈ ਪਰਾਗਾ ਜੀ ਨਾਲ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਫੌਜ ਵਿੱਚ ਭਰਤੀ ਸਨ ਤੇ ਇਹ ਵੀ ਪਹਿਲੀ ਜੰਗ ਸਮੇਂ ਪਿੰਡ ਚੱਬੇ ਵਿੱਚ ਸੰਗਰਾਣਾ ਸਾਹਿਬ ਵਿਖੇ ਸ਼ਹੀਦ ਹੋ ਗਏ ਸਨ।ਭਾਈ ਦਿਆਲ ਦਾਸ ਗਿਆਰਾਂ ਭਰਾ ਸਨ, ਜਿੰਨ੍ਹਾਂ ਦੇ ਨਾਂਅ ਹਨ: ਭਾਈ ਲਹਿਣਾ ਸਿੰਘ, ਭਾਈ ਹਠੀ ਚੰਦ, ਭਾਈ ਮੋਹਣ ਚੰਦ, ਭਾਈ ਦਾਨ ਸਿੰਘ, ਭਾਈ ਰਾਏ ਸਿੰਘ, ਭਾਈ ਮਾਨ ਸਿੰਘ, ਭਾਈ ਮਨੀ ਸਿੰਘ, ਭਾਈ ਜੇਠਾ ਸਿੰਘ, ਭਾਈ ਰੂਪ ਸਿੰਘ ਤੇ ਭਾਈ ਜਗਤ ਸਿੰਘ ਆਦਿ ਸਨ। ਜਦੋ ਭਾਈ ਦੁਰਗਾ ਮੱਲ ਦੇ ਕਹਿਣ ਤੇ 'ਦੀਵਾਨ' ਤੇ 'ਵਜ਼ੀਰ' ਦੀ ਸੇਵਾ ਭਾਈ ਮਤੀ ਦਾਸ ਤੇ ਭਾਈ ਸਤੀ ਦਾਸ ਨੂੰ ਮਿਲੀ ਤਾਂ ਉੱਥੇ ਨਾਲ ਹੀ 'ਘਰਬਾਰਗੀ' (ਗ੍ਰਿਹਿ ਮੰਤਰਾਲਾ)ਦੀ ਸੇਵਾ ਭਾਈ ਦਿਆਲ ਦਾਸ ਜੀ ਨੂੰ ਵੀ ਸੌਂਪੀ ਸੀ।ਸਮਾਂ ਆਪਣੀ ਚਾਲੇ ਚੱਲਦਾ ਗਿਆ।

ਪਾਪੀ ਬਾਦਸ਼ਾਹ ਔਰੰਗਜ਼ੇਬ ਨੇ ਹਿੰਦੂਆਂ ਨੂੰ ਮੁਸਲਮਾਨ ਬਣਾਉਣ ਦੇ ਮਨਸੂਬੇ ਨਾਲ ਕਸ਼ਮੀਰ ਦੇ ਬ੍ਰਹਮਣਾਂ ਨੂੰ ਮੁਸਲਮਾਨ ਬਣਾਉਣ ਲਈ ਸ਼ੇਰ ਅਫਗਾਨ ਨੂੰ ਕਸ਼ਮੀਰ ਦਾ ਗਵਰਨਰ ਨਿਯੁਕਤ ਕੀਤਾ।ਜਦ ਸ਼ੇਰ ਅਫਗਾਨ ਨੇ ਕਸ਼ਮੀਰ ਦੇ ਪੰਡਿਤਾਂ ਨੂੰ ਹਰ ਹੀਲੇ ਮੁਸਲਮਾਨ ਬਣਨ ਲਈ ਮਜ਼ਬੂਰ ਕੀਤਾ ਤਾਂ ਪੰਡਿਤ ਕ੍ਰਿਪਾ ਰਾਮ ਦੀ ਅਗਵਾਈ ਵਿੱਚ 25 ਮਈ 1675 ਈ: ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਦਰਬਾਰ ਵਿੱਚ ਪਹੁੰਚੇ। ਜਦ ਗੁਰੂ ਜੀ ਨੇ ਉਹਨਾਂ ਦੀ ਦਰਦ ਭਰੀ ਵਿਥਿਆ ਸੁਣੀ ਤਾਂ ਗੁਰੂ ਸਾਹਿਬ ਕਸ਼ਮੀਰੀ ਪੰਡਿਤਾਂ ਦੀ ਪੱਤ ਬਚਾਉਣ ਲਈ ਆਪਣਾ ਬਲੀਦਾਨ ਦੇਣ ਲਈ ਤਿਆਰ ਹੋ ਗਏ।ਅੰਤ 11 ਜੁਲਾਈ 1675 ਈ: ਨੂੰ ਗੁਰੂ ਸਾਹਿਬ ਆਪਣੇ ਤਿੰਨ ਗੁਰਸਿੱਖਾਂ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲ ਦਾਸ ਜੀ ਸਮੇਤ ਦਿੱਲੀ ਵੱਲ ਤੁਰ ਪਏ। ਇੱਥੇ ਗੁਰੂ ਤੇਗ ਬਹਾਦਰ ਜੀ ਤੇ ਇਹਨਾਂ ਗੁਰਸਿੱਖਾਂ ਦੀ ਗ੍ਰਿਫਤਾਰੀ ਸੰਬੰਧੀ ਇਤਿਹਾਸਕਾਰ ਇੱਕਮਤ ਨਹੀ ਹਨ। 'ਭੱਟ ਵਹੀ ਪੂਰਬੀ ਦੱਖਣੀ' ਵਿੱਚ ਗ੍ਰਿਫਤਾਰੀ ਰੋਪੜ ਲਾਗਿਉਂ ਹੋਈ ਦੱਸਿਆ ਹੈ।


ਕਈ ਇਤਿਹਾਸਕਾਰਾਂ ਨੇ ਲਿੱਖਿਆਂ ਹੈ ਕਿ ਪੜਾਅ ਦਰ ਪੜਾਅ ਚੱਲ ਕੇ ਗੁਰੂ ਜੀ ਨੇ ਆਗਰੇ ਪਹੁੰਚ ਕੇ ਆਪਣੀ ਗ੍ਰਿਫਤਾਰੀ ਦਿੱਤੀ।ਇਸ ਤੋਂ ਇਲਾਵਾ 'ਕੋਇਰ ਸਿੰਘ' ਆਪਣੀ ਪੁਸਤਕ 'ਗੁਰਬਿਲਾਸ ਪਾਤਸ਼ਾਹੀ ਦਸ' (ਰਚਿਤ 1751 ਈ:), ਸਰੂਪ ਦਾਸ 'ਮਹਿਮਾ ਪ੍ਰਕਾਸ਼' ( 1776 ਈ:), ਬੀਰ ਸਿੰਘ ਬੱਲ 'ਸਿੰਘ ਸਾਗਰ'(1827 ਈ:) ਤੇ ਰਤਨ ਸਿੰਘ ਭੰਗੂ 'ਪ੍ਰਾਚੀਨ ਪੰਥ ਪ੍ਰਕਾਸ਼ (1841 ਈ:), ਵਿੱਚ ਗ੍ਰਿਫਤਾਰੀ ਸੰਬੰਧੀ ਲਿੱਖਦੇ ਹਨ ਕਿ ਗੁਰੂ ਸਾਹਿਬ ਨੇ ਆਪਣੀ ਗ੍ਰਿਫਤਾਰੀ ਸਿੱਧੀ ਦਿੱਲੀ ਆਪ ਪਹੁੰਚ ਕੇ ਦਿੱਤੀ। ਔਰੰਗਜ਼ੇਬ ਦੇ ਹੁਕਮ ਤੇ ਗੁਰੂ ਤੇਗ ਬਹਾਦਰ ਜੀ ਅੱਗੇ ਤਿੰਨ ਸ਼ਰਤਾਂ ਰੱਖੀਆਂ। ਇੰਨ੍ਹਾਂ ਤੇ ਇਸਲਾਮ ਕਬੂਲ ਕਰਨ ਲਈ ਦਬਾਅ ਪਾਇਆ ਗਿਆ, ਜਾਂ ਕੋਈ ਕਰਾਮਾਤ ਦਿਖਾਉ ਜਾਂ ਮਰਨ ਲਈ ਤਿਆਰ ਹੋ ਜਾਉ ਤਾਂ ਗੁਰੂ ਸਾਹਿਬ ਜੀ ਨੇ ਪਹਿਲੀਆਂ ਦੋਵੇ ਸ਼ਰਤਾਂ ਮੰਨਣ ਤੋਂ ਇਨਕਾਰ ਕਰ ਦਿੱਤਾ ਤੇ ਤੀਜੀ ਸ਼ਰਤ ਕਬੂਲ ਕਰ ਲਈ।ਇਹਨਾਂ ਦੇ ਨਾਂਹ ਕਰਨ ਤੇ ਔਰੰਗਜ਼ੇਬ ਦੇ ਹੁਕਮ ਤੇ ਹੀਕਾਜ਼ੀ ਉਲ-ਕਜ਼ਾਤ ਅਬੂਲ ਵਹਾਰ ਸ਼ੇਰਾ ਨੇ ਤਿੰਨ ਗੁਰਸਿੱਖਾਂ ਨੂੰ ਕਤਲ ਕਰਨ ਦਾ ਫਤਵਾ ਸੁਣਾ ਦਿੱਤਾ। ਭਾਈ ਮਤੀ ਦਾਸ ਜੀ ਨੂੰ ਕਾਜ਼ੀ ਨੇ ਧੜ੍ਹ ਚਿਰਵਾਉਣ, ਮੌਤ ਜਾਂ ਧਰਮ ਬਦਲੀ ਵਿੱਚੋਂ ਮਨ ਇੱਛਤ ਚੋਣ ਕਰ ਲੈਣ ਲਈ ਕਿਹਾ ਤਾਂ ਭਾਈ ਸਾਹਬ ਨੇ ਕਿਹਾ ਕਿ:

**ਟੁਕੜੇ ਏਸ ਸਰੀਰ ਦੇ, ਕਰੋ ਜੇ ਲੱਖ ਕਰੋੜ।**
**ਤਾਂ ਭੀ ਧਰਮ ਨਾ ਛੋੜਸਾਂ, ਦੀਨ ਤੇਰਾ ਨਹੀ ਲੋੜ।**
**ਆਰਾ ਪਿਆਰਾ ਲਗਤ ਹੈ, ਕਾਰਾ ਕਰੋ ਬਣਾਏ।**
**ਸੀਸ ਜਾਏ ਤਾਂ ਜਾਣ ਦੇ, ਸਿੱਖੀ ਸਿਦਕ ਨਾ ਜਾਏ।**


ਸਭ ਤੋਂ ਪਹਿਲਾਂ ਭਾਈ ਮਤੀ ਦਾਸ ਨੂੰ ਲੱਕੜ ਦੇ ਦੋ ਫੱਟਿਆਂ ਵਿੱਚ ਕੱਸ ਕੇ ਆਰੇ ਨਾਲ ਚੀਰ ਕੇ ਬੜੀ ਬੇਦਰਦੀ ਨਾਲ ਸ਼ਹੀਦ ਕੀਤਾ ਗਿਆ। ਫਿਰ ਦੂਜੀ ਵਾਰੀ ਭਾਈ ਦਿਆਲ ਦਾਸ ਜੀ ਨੂੰ ਉਬਲਦੀ ਦੇਗ ਵਿੱਚ ਬਿਠਾ ਕੇ ਸ਼ਹੀਦ ਕੀਤਾ ਗਿਆ।ਫਿਰ ਭਾਈ ਸਤੀ ਦਾਸ ਜੀ ਨੂੰ ਰੂੰ ਵਿੱਚ ਲਪੇਟ ਕੇ ਥੰਮ੍ਹ ਨਾਲ ਬੰਨ੍ਹ ਕੇ ਅੱਗ ਲਾ ਕੇ ਸਾੜਿਆ ਗਿਆ। ਤਿੰਨਾਂ ਗੁਰਸਿੱਖਾਂ ਨੇ ਧਰਮ ਦੀ ਖਾਤਰ ਆਪਣੇ ਪ੍ਰਾਣਾਂ ਦੀ ਆਹੂਤੀ ਦੇ ਦਿੱਤੀ ਤੇ ਸ਼ਹੀਦ ਦਾ ਰੁਤਬਾ ਹਾਸਿਲ ਕੀਤਾ। ਇਹ ਘਟਨਾ 10 ਨਵੰਬਰ 1675 ਈ: ਨੂੰ ਦਿੱਲੀ ਦੇ ਚਾਂਦਨੀ ਚੌਂਕ ਵਿੱਚ ਵਾਪਰੀ। ਉਸ ਤੋਂ ਅਗਲੇ ਦਿਨ 11 ਨਵੰਬਰ 1675 ਈ: ਨੂੰ ਗੁਰੂ ਤੇਗ ਬਹਾਦਰ ਜੀ ਨੂੰ ਸੀਸ ਧੜ੍ਹ ਤੋਂ ਜ਼ੁਦਾ ਕਰਕੇ ਸ਼ਹੀਦ ਕਰ ਦਿੱਤਾ ਗਿਆ। ਇਹ ਸ਼ਹੀਦੀਆਂ ਹੀ ਮੁਗਲ ਸਾਮਰਾਜ ਦੇ ਖਾਤਮੇ ਦਾ ਕਾਰਨ ਬਣੀਆਂ।

**ਲੇਖਕ- ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ- 143022**









ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਸਰਕਾਰ ਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350 ਸਾਲਾ ਸ਼ਹੀਦੀ ਸ਼ਤਾਬਦੀ

# ਵੱਡੇ ਪੱਧਰ ਤੇ ਮਨਾਏ ਜਾਣਾ ਸ਼ਲਾਘਾਯੋਗ ਉਪਰਾਲਾ : ਸੰਤ ਬਾਬਾ ਹਰਨਾਮ ਸਿੰਘ ਖਾਲਸਾ







**ਚੌਕ ਮਹਿਤਾ, 23 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖਾਂ ਦੇ ਨੌਵੇਂ ਗੁਰੂ "ਹਿੰਦ ਦੀ ਚਾਦਰ" ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਪੰਜਾਬ ਸਰਕਾਰ ਦੇ ਵੱਲੋਂ ਸ਼੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਮਨਾਈ ਜਾ ਰਹੀ ਹੈ। ਜਿਸ ਦੇ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭ ਹੋ ਚੁੱਕੇ ਹਨ। ਅੱਜ 'ਸਰਬ ਧਰਮ ਸੰਮੇਲਨ' ਦੌਰਾਨ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਉਚੇਚੇ ਤੌਰ ਤੇ ਪਹੁੰਚੇ। ਜਿਨ੍ਹਾਂ ਨੇ ਪੰਜਾਬ ਸਰਕਾਰ ਦੁਆਰਾ ਇਹ ਸ਼ਹੀਦੀ ਸ਼ਤਾਬਦੀ ਵੱਡੇ ਪੱਧਰ ਤੇ ਮਨਾਏ ਜਾਣ ਅਤੇ ਸ਼੍ਰੀ ਨਗਰ ਤੋਂ ਮਹਾਨ ਨਗਰ ਕੀਰਤਨ ਦੀ ਅਰੰਭਤਾ ਕਰਕੇ ਜੋ ਸਵਾਗਤੀ ਪ੍ਰੋਗਰਾਮ ਉਲੀਕੇ ਗਏ ਸਨ, ਨੂੰ ਇਕ ਸ਼ਲਾਘਾਯੋਗ ਉਪਰਾਲਾ ਦੱਸਿਆ। ਉਨਾਂ ਕਿਹਾ ਕਿ ਸਰਕਾਰ ਨੇ ਗੁਰੂ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨੂੰ ਦੇਸ਼ ਦੇ ਹਰ ਕੋਨੇ ਤੱਕ ਪਹੁੰਚਾਉਣ ਦਾ ਯਤਨ ਕੀਤਾ ਹੈ, ਤਾਂ ਜ਼ੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਇਸ ਮਹਾਨ ਕੁਰਬਾਨੀ ਤੋਂ ਪ੍ਰੇਰਨਾ ਤੇ ਸੇਧ ਲੈ ਸਕਣ। ਇਸ ਦੌਰਾਨ ਉਨਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸ਼੍ਰੀ ਅਰਵਿੰਦ ਕੇਜਰੀਵਾਲ, ਮੈਡਮ ਸੁਨੀਤਾ ਕੇਜਰੀਵਾਲ, ਮਾਤਾ ਹਰਪਾਲ ਕੌਰ, ਡਾ ਗੁਰਪ੍ਰੀਤ ਕੌਰ ਤੇ ਮੁਨੀਸ਼ ਸਿਸੋਦੀਆ ਦਾ ਸਿਰੋਪਾਓ ਦੇਕੇ ਸਨਮਾਨ ਕੀਤਾ।

**ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸ਼੍ਰੀ ਅਰਵਿੰਦ ਕੇਜਰੀਵਾਲ ਤੇ ਹੋਰ ਪ੍ਰਮੁੱਖ ਸਖਸ਼ੀਅਤਾਂ ਦਾ ਕੀਤਾ ਸਨਮਾਨ**

ਬਾਬਾ ਹਰਨਾਮ ਸਿੰਘ ਖਾਲਸਾ ਨੇ ਆਖਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਪੂਰੀ ਦੁਨੀਆਂ ਵਿਚ "ਹਿੰਦ ਦੀ ਚਾਦਰ" ਦੇ ਨਾਂ ਨਾਲ ਜਾਣੇ ਜਾਂਦੇ ਹਨ, ਜਿਨ੍ਹਾਂ ਨੇ ਸਿੱਖ ਧਰਮ ਦੇ ਆਦਰਸ਼ਾਂ, ਸੱਚ, ਨਿਆਂ, ਧਰਮ ਅਤੇ ਮਨੁੱਖੀ ਹੱਕਾਂ ਦੀ ਰੱਖਿਆ ਲਈ ਦਿੱਲੀ ਦੇ ਚਾਂਦਨੀ ਚੌਕ ਵਿੱਚ ਅਨੋਖੀ ਤੇ ਲਾਸਾਨੀ ਕੁਰਬਾਨੀ ਦਿੱਤੀ। ਬਾਬਾ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਗੁਰੂ ਸਾਹਿਬ ਦਾ ਬਲੀਦਾਨ ਸਾਨੂੰ ਅੱਤਿਆਚਾਰ ਦੇ ਖ਼ਿਲਾਫ਼ ਤੇ ਮਨੁੱਖੀ ਅਧਿਕਾਰਾਂ ਦੇ ਹੱਕ ਵਿੱਚ ਡਟ ਕੇ ਖੜ੍ਹਨ ਦਾ ਸੰਦੇਸ਼ ਦਿੰਦਾ ਹੈ। ਉਨਾਂ ਕਿਹਾ ਕਿ ਗੁਰੂ ਸਾਹਿਬ ਦੇ ਅਨਿੰਨ੍ਹ ਸਿੱਖਾਂ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਨੂੰ ਵੀ ਭੁੱਲਿਆ ਨਹੀ ਜਾ ਸਕਦਾ, ਇਨਾਂ ਸਿਦਕੀ ਸਿੱਖਾਂ ਨੇ ਜ਼ਬਰ ਅਤੇ ਧਰਮ-ਪਰਿਵਰਤਨ ਦੇ ਖ਼ਿਲਾਫ ਕਿਸੇ ਇਕ ਧਰਮ ਲਈ ਨਹੀਂ, ਸਗੋਂ ਪੂਰੀ ਮਨੁੱਖਤਾ ਲਈ ਸ਼ਹਾਦਤ ਦਿੱਤੀ ਹੈ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੂਰਬ ਨੂੰ ਸਮਰਪਿਤ

# ਰੋਟਰੀ ਕਲੱਬ ਫ਼ਿਰੋਜ਼ਪੁਰ ਨੇ ਲਾਇਆ ਲੰਗਰ

ਫ਼ਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ) :- ਲੰਗਰ ਗੁਰਦੁਆਰੇ ਵਿੱਚ ਆਉਣ ਵਾਲੇ ਸਾਰੇ ਲੋਕਾਂ ਦੁਆਰਾ ਸਾਂਝੇ ਤੌਰ ਤੇ ਕੀਤੇ ਜਾਣ ਵਾਲਾ ਸਮੂਹਿਕ ਭੋਜਨ ਹੈ ਅਤੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਸਿੱਖ ਸਮਾਜ ਦਾ ਅਨਿੱਖੜਵਾਂ ਅੰਗ ਹੈ। ਜਿਸ ਵਿੱਚ ਸਾਰੇ ਧਰਮਾਂ ਦੇ ਲੋਕ ਬਿਨਾਂ ਕਿਸੇ ਭੇਦਭਾਵ ਤੋਂ ਇਕ ਹੀ ਬਰਤਨ ਵਿੱਚ ਬਣੇ ਭੋਜਨ ਮਿਲ ਬੈਠ ਕੇ ਖਾਂਦੇ ਹਨ। ਇਸੇ ਪਰਥਾ ਨੂੰ ਅੱਗੇ ਵਧਾਉਂਦੇ ਹੋਏ ਅੱਜ ਰੋਟਰੀ ਕਲੱਬ ਫਿਰੋਜਪੁਰ ਨੇ




ਪ੍ਰਧਾਨ ਕਿਰਪਾਲ ਸਿੰਘ ਮਕੜ ਦੀ ਅਗਵਾਈ ਹੇਠ ਸਾਹਿਬ ਸ਼੍ਰੀ ਗੁਰੂ ਤੇਗ਼ ਬਹਾਦੁਰ ਸਾਹਿਬ ਜੀ ਦੇ 350ਵੇ ਸ਼ਹੀਦੀ ਪੁਰਬ ਨੂੰ ਸਮਰਪਿਤ ਰੋਟਰੀ ਭਵਨ ਵਿਖੇ ਲੰਗਰ ਸੇਵਾ ਕੀਤੀ। ਇਸ ਮੌਕੇ ਪ੍ਰੋਜੇਕਟ ਚੇਅਰਮੈਨ ਸੁਖਵਿੰਦਰ ਖੰਨਾ, ਸਕੱਤਰ ਸੰਦੀਪ ਸਿੰਗਲਾ, ਕੈਸ਼ੀਅਰ ਦਿਨੇਸ਼ ਕਟਾਰੀਆ, ਅਜੈ ਬਜਾਜ, ਡਾਕਟਰ ਸੁਰਿੰਦਰ ਸਿੰਘ ਕਪੂਰ, ਰਕੇਸ਼ ਚਾਵਲਾ, ਹਰਦੀਪ ਸਿੰਘ, ਮਨਦੀਪ ਸਿੰਘ ਹਾਜ਼ਰ ਸਨ। ਰੋਟਰੀ ਕਲੱਬ ਫਿਰੋਜਪੁਰ ਦੀ ਸਾਰੀ ਟੀਮ ਨੇ ਲੰਗਰ ਦੀ ਭਰਪੂਰ ਸੇਵਾ ਕੀਤੀ। ਪ੍ਰਧਾਨ ਕਿਰਪਾਲ ਸਿੰਘ ਮਕੜ ਨੇ ਆਈ ਸਾਰੀ ਟੀਮ ਦਾ ਧੰਨਵਾਦ ਕੀਤਾ ਤੇ ਏਸੇ ਤਰ੍ਹਾਂ ਸਮਾਜ ਸੇਵਾ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।

# ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਜਾਵੇਗਾ ਰਾਸ਼ਨ : ਭਾਨ ਸਿੰਘ ਜੱਸੀ

## ਮਜਲੂਮਾਂ ਦੇ ਹਿੱਤਾਂ ਲਈ ਕੀਤੀ ਸੀ ਗੁਰੂ ਸਾਹਿਬ ਨੇ ਵੱਡੀ ਕੁਰਬਾਨੀ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਦੱਬੇ ਕੁਚਲੇ , ਨਿਮਾਣੇ , ਨਿਤਾਣੇ ਲੋਕਾਂ ਦੇ ਜਮੂਰੀ ਹੱਕਾਂ ਦੀ ਲੜਾਈ ਲੜਨ ਵਾਲੇ ਪਾਤਸ਼ਾਹ ਜੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਵੱਖ ਵੱਖ ਸਮਾਗਮਾਂ ਦੌਰਾਨ ਲਗਭਗ 50 ਲੋੜਵੰਦ ਪਰਿਵਾਰਾਂ ਨੂੰ ਰਾਸਨ ਵੰਡਣ ਦੀ ਸੇਵਾ ਕਰਕੇ ਗੁਰੂ ਸਾਹਿਬ ਨੂੰ ਸ਼ਰਧਾਂਜਲੀ ਭੇਂਟ ਕੀਤੀ ਜਾਵੇਗੀ। ਉਪਰੋਕਤ ਵਿਚਾਰ ਪ੍ਰਗਟ ਕਰਦਿਆਂ ਸ੍ਰੀ ਗੁਰੂ ਨਾਨਕ ਸਲੱਮ ਸੇਵਾ ਮਿਸ਼ਨ (ਪੰਜਾਬ) ਦੇ ਪ੍ਰਧਾਨ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਭਾਈ ਤੇਜਿੰਦਰ ਸਿੰਘ ਸਿਕਰਾਮੈਂਟੋ ਦੀ ਸਰਪ੍ਰਸਤੀ ਅਧੀਨ ਕਰਵਾਏ ਜਾਣ ਵਾਲੇ ਇਨਾਂ ਸਮਾਗਮਾਂ ਦੌਰਾਨ ਜਿੱਥੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਣ ਦੀ ਸੇਵਾ ਕੀਤੀ ਜਾਵੇਗੀ ਉਥੇ ਸੰਗਤਾਂ ਵੱਲੋਂ ਸਤਿਨਾਮ ਵਾਹਿਗੁਰੂ ਦਾ ਜਾਪ ਵੀ ਕੀਤਾ ਜਾਵੇਗਾ। ਸਮਾਜ ਸੇਵੀ ਭਾਨ ਸਿੰਘ ਜੱਸੀ (ਜੱਸੀ ਪੇਦਨੀ ) ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਇਨਸਾਨੀਅਤ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦੇ ਹੋਏ ਉਸ ਵਕਤ ਦੀ ਜਾਬਰ ਹਕੂਮਤ ਨੂੰ ਚੁਣੌਤੀ ਦਿੰਦੇ ਹੋਏ ਦਿੱਲੀ ਦੇ ਚਾਂਦਨੀ ਚੌਕ ਵਿੱਚ ਆਪਣੇ ਸੀਸ ਦਾ ਬਲੀਦਾਨ ਦਿੰਦਿਆਂ ਆਮ ਲੁਕਾਈ ਨੂੰ ਮਜਲੂਮਾਂ ਨਾਲ ਖੜਨ ਦਾ ਪੈਗਾਮ ਦਿੱਤਾ । ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਖਾਵਾ ਕਰਨ ਦੀ ਬਜਾਏ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ "ਅਮਲਾਂ ਵਿੱਚ" ਸਮਾਜ ਲਈ ਕੁਝ ਚੰਗਾ ਕਰਨ ਦੇ ਯਤਨਾ ਵਜੋਂ ਅੱਗੇ ਆਉਣ।



# ਸਰਦਾਰਨੀ ਜਸਬੀਰ ਕੌਰ ਨਮਿਤ ਸ਼ਰਧਾਂਜਲੀ ਸਮਾਰੋਹ ਵਿਚ ਵੱਡੀ ਗਿਣਤੀ ਪੁੱਜੇ ਸਿਆਸਤਦਾਨ, ਵਕੀਲ, ਪੱਤਰਕਾਰ ਤੇ ਇਲਾਕਾ ਨਿਵਾਸੀ









ਫ਼ਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ) :- ਭਾਜਪਾ ਦੇ ਸੀਨੀਅਰ ਆਗੂ ਜੁਗਰਾਜ ਸਿੰਘ ਕਟੋਰਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਫ਼ਿਰੋਜ਼ਪੁਰ ਸ਼ਹਿਰ, ਪੰਜਾਬ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਭਾਜਪਾ, ਸਾਬਕਾ ਜ਼ਿਲ੍ਹਾ ਪ੍ਰਧਾਨ ਭਾਜਪਾ ਦੀ ਸਤਿਕਾਰਯੋਗ ਮਾਤਾ ਸਰਦਾਰਨੀ ਜਸਬੀਰ ਕੌਰ ਦੇ ਅਕਾਲ ਚਲਾਣਾ ਕਰ ਜਾਣ ਤੇ ਜਿਥੇ ਕਈ ਦਿਨਾਂ ਤੋਂ ਸਤਿਕਾਰਤ ਸਖਸ਼ੀਅਤਾਂ ਪਰਿਵਾਰ ਨਾਲ ਦੁੱਖ ਦਾ ਇਜਹਾਰ ਕਰਨ ਪਿੰਡ ਕਟੋਰਾ ਵਿਖੇ ਪੁੱਜ ਰਹੇ ਸਨ, ਉਥੇ ਅੱਜ ਸਰਦਾਰਨੀ ਜਸਬੀਰ ਕੌਰ ਦੀ ਅੰਤਿਮ ਅਰਦਾਸ ਵਿਚ ਵੱਡੀ ਤਦਾਦ ਭਾਜਪਾ ਆਗੂ, ਸਮਾਜ ਸੇਵੀ ਜਥੇਬੰਦੀਆਂ ਦੇ ਆਗੂਆਂ ਸਮੇਤ ਵੱਖ-ਵੱਖ ਪਾਰਟੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੇ ਸ਼ਿਰਕਤ ਕਰਕੇ ਸਰਦਾਰਨੀ ਜਬੀਰ ਕੌਰ ਨੂੰ ਸ਼ਰਧਾਂਜਲੀਆਂ ਅਰਪਿਤ ਕੀਤੀਆਂ। ਫ਼ਿਰੋਜ਼ਪੁਰ ਦੇ ਪਿੰਡ ਕਟੋਰਾ ਦੇ ਗੁਰਦੁਆਰਾ ਸਾਹਿਬ ਵਿਖੇ ਸਰਦਾਰਨੀ ਜਸਬੀਰ ਕੌਰ ਦੀ ਅੰਤਿਮ ਅਰਦਾਸ ਵਿਚ ਪੁੱਜੇ ਸਾਬਕਾ ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਨੇ ਜਿਥੇ ਪਰਿਵਾਰ ਨਾਲ ਹਮਦਰਦੀ ਦਾ ਇਜਹਾਰ ਕੀਤਾ, ਉਥੇ ਅਕਾਲ ਪੁਰਖ ਵਾਹਿਗੁਰੂ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ਼ ਬਖਸ਼ਣ। ਭਾਵੁਕ ਹੁੰਦਿਆਂ ਰਾਣਾ ਸੋਢੀ ਨੇ ਕਿਹਾ ਕਿ ਮਾਤਾ ਜਸਬੀਰ ਕੌਰ ਨੇ ਜਿਥੇ ਆਪਣਾ ਹੋਣਹਾਰ ਲੜਕਾ ਜੁਗਰਾਜ ਸਿੰਘ ਕਟੋਰਾ ਨੂੰ ਭਾਜਪਾ ਦੀ ਝੋਲੀ ਵਿਚ ਪਾ ਕੇ ਫ਼ਿਰੋਜ਼ਪੁਰ ਵਿਚ ਭਾਜਪਾ ਦਾ ਝੰਡਾ ਬੁਲੰਦ ਕੀਤਾ, ਉਥੇ ਖੁਦ ਭਾਜਪਾ ਦੀ ਤਰਜਮਾਨੀ ਕਰਦੇ ਹੋਏ ਖੁਦ ਬਲਾਕ ਸੰਮਤੀ ਮੈਂਬਰ ਬਣੇ ਅਤੇ ਇਲਾਕਾ ਨਿਵਾਸੀਆਂ ਦੀਆਂ ਮੰਗਾਂ ਸਰਕਾਰਾਂ ਤੱਕ ਪੁੱਜਦੀਆਂ ਕਰਕੇ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਸਹੂਲਤਾਂ ਦਾ ਨਿੱਘ ਮਾਨਣਯੋਗ ਕੀਤਾ। ਇਸ ਮੌਕੇ ਭਾਜਪਾ ਦੇ ਮੀਤ ਪ੍ਰਧਾਨ ਸੁਭਾਸ਼ ਸ਼ਰਮਾ, ਮਨਜੀਤ ਸਿੰਘ ਰਾਏ ਭਾਜਪਾ ਆਗੂ, ਮਹਿੰਦਰ ਸਿੰਘ ਵਿਰਕ ਅਕਾਲੀ ਆਗੂ, ਬਲੀ ਸਿੰਘ ਉਸਮਾਨ ਵਾਲਾ ਕਾਂਗਰਸੀ ਆਗੂ, ਚੇਅਰਮੈਨ ਲਾਊਕਾ ਮੱਲਾਂਵਾਲਾ, ਚੇਅਰਮੈਨ ਬਲਵੰਤ ਸਿੰਘ ਰੱਖੜ, ਇਕਬਾਲ ਸਿੰਘ ਮੱਲਾ ਮੂਠਿਆਂ ਵਾਲਾ, ਪੱਤਰਕਾਰ ਸਿਮਰਨਜੀਤ ਸਿੰਘ ਸੰਧੂ, ਸੁਰਿੰਦਰ ਸਿੰਘ ਬੱਗੇ ਕੇ ਪਿੱਪਲ, ਸਮਸ਼ੇਰ ਕਾਕੜ ਸਾਬਕਾ ਜ਼ਿਲ੍ਹਾ ਪ੍ਰਧਾਨ, ਸ੍ਰੀਮਤੀ ਸਸ਼ੀ ਸ਼ਰਮਾ ਸੀਨੀਅਰ ਭਾਜਪਾ ਆਗੂ, ਸੁਸ਼ਿਮਤ ਸ਼ਰਮਾ ਸਪੁੱਤਰ ਸਵਰਗੀ ਕਮਲ ਸ਼ਰਮਾ, ਜ਼ੋਗਾ ਸਿੰਘ ਮੁਰਕਵਾਲਾ ਅਕਾਲੀ ਆਗੂ, ਚੇਅਰਮੈਨ ਗੁਰਪ੍ਰੀਤ ਸਿੰਘ ਲੱਖੋਕੇ, ਜ਼ਸਕਰਨ ਸਿੰਘ ਭੁੱਲਰ ਸੂਬਾ ਸਕੱਤਰ ਏ.ਬੀ.ਵੀ.ਪੀ, ਦਲਜਿੰਦਰ ਸਿੰਘ ਵਕੀਲ ਹਾਈਕੋਰਟ, ਡੀ.ਪੀ. ਚੰਦਨ ਚੇਅਰਮੈਨ, ਡਾਕਟਰ ਅਰਮਿੰਦਰ ਸਿੰਘ ਫਰਮਾਹ ਸਕੱਤਰ ਪੰਜਾਬ ਭਾਜਪਾ ਓ.ਬੀ.ਸੀ, ਚੇਅਰਮੈਨ ਗੁਰਨੈਬ ਸਿੰਘ ਬਰਾੜ, ਬਲਰਾਜ ਸਿੰਘ ਚੇਅਰਮੈਨ ਮਾਰਕੀਟ ਕਮੇਟੀ, ਬਾਬਾ ਦਲਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬਾਠ, ਅਸ਼ਵਨੀ ਗਰੋਵਰ ਸਾਬਕਾ ਪ੍ਰਧਾਨ ਨਗਰ ਕੌਂਸਲ, ਅਸ਼ੋਕ ਬਹਿਲ, ਬਲਵਿੰਦਰ ਸਿੰਘ, ਦਵਿੰਦਰ ਸਿੰਘ ਜੰਗ ਅਤੇ ਨਸੀਬ ਸਿੰਘ ਸਮੇਤ ਵੱਡੀ ਗਿਣਤੀ ਵਿਚ ਪੱਤਰਕਾਰ, ਵਕੀਲ ਅਤੇ ਸਮਾਜ ਸੇਵੀਆਂ ਨੇ ਸ਼ਿਰਕਤ ਕਰਕੇ ਮਾਤਾ ਜੀ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ ਅਰਪਿਤ ਕੀਤੀਆਂ।

### ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਏ

# 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਸਮਾਪਤ





**ਤਲਵੰਡੀ ਸਾਬੋ, 23 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ, ਸ੍ਰੀ ਗੁਰੂ ਤੇਗ. ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਿਪਤ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਤਿੰਨ ਰੋਜ਼ਾ ਗੁਰਮਤਿ ਅਤੇ ਅੰਮ੍ਰਿਤ ਸੰਚਾਰ ਸਮਾਗਮ ਉਲੀਕੇ ਗਏ ਹਨ।ਅੱਜ ਅਖੀਰਲੇ ਦਿਨ ਦੇ ਸਮਾਗਮਾਂ ਵਿੱਚ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ। ਇਸ ਸਮੇਂ ਜਿੱਥੇ ਸ਼੍ਰੀ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਵਿਖੇ ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ ਉੱਥੇ ਰਾਗੀ ਜਥਿਆਂ ਅਤੇ ਕਥਾ ਵਾਚਕਾਂ ਨੇ ਸੰਗਤਾਂ ਨੂੰ ਹਰ ਜਸ ਕੀਰਤਨ ਅਤੇ ਗੁਰਬਾਣੀ ਗੁਰ ਇਤਿਹਾਸ ਸੁਣਾ ਕਿ ਨਿਹਾਲ ਕੀਤਾ। ਪੰਜ ਪਿਆਰੇ ਸਹਿਬਾਨਾਂ ਵੱਲੋਂ ਆਈਆਂ ਸੰਗਤਾਂ ਨੂੰ ਅੰਮ੍ਰਿਤ ਛਕਾਇਆ ਗਿਆ। ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਧਨੌਲਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵੱਲੋਂ ਆਈਆਂ ਸੰਗਤਾਂ ਨੂੰ ਜੀ ਆਇਆਂ ਕਿਹਾ ਗਿਆ ਅਤੇ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਗੁਰੂ ਵਾਲੇ ਬਣਨ ਲਈ ਵਧਾਈ ਦਿੱਤੀ।ਇਹਨਾਂ ਸਮਾਗਮਾਂ ਸਮੇਂ 412 ਪ੍ਰਾਣੀ ਅੰਮ੍ਰਿਤ ਪਾਨ ਕਰਕੇ ਗੁਰੂ ਵਾਲੇ ਬਣੇ। ਇਸ ਸਮੇਂ ਜਥੇਦਾਰ ਮੋਹਣ ਸਿੰਘ ਬੰਗੀ ਮੈਂਬਰ ਸ਼੍ਰੋਮਣੀ ਕਮੇਟੀ, ਤਖ਼ਤ ਸਾਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ, ਸਬ ਆਫ਼ਿਸ ਧਰਮ ਪ੍ਰਚਾਰ ਕਮੇਟੀ ਦੇ ਇੰਚਾਰਜ ਸ. ਭੋਲਾ ਸਿੰਘ ਹੀਰੇਵਾਲਾ, ਸਬ ਆਫਿਸ ਸ਼੍ਰੋਮਣੀ ਕਮੇਟੀ ਦੇ ਇੰਚਾਰਜ ਸ. ਮਨਿੰਦਰ ਸਿੰਘ, ਸਮੂਹ ਸਟਾਫ ਤੇ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

**ਸ੍ਰੀ ਅਖੰਡ ਪਾਠਾਂ ਦੇ ਪਾਏ ਗਏ ਭੋਗ, ਹਜ਼ਾਰਾਂ ਸੰਗਤਾਂ ਨੇ ਭਰੀ ਹਾਜ਼ਰੀ**

### ਓਬੀਸੀ ਦਾ 27% ਕੋਟਾ ਲਾਗੂ ਕਰਵਾਉਣ ਲਈ ਤੇ ਜਾਤੀ ਜਨ ਗਨਣਾ ਜਲਦ ਤੋਂ ਜਲਦ ਕਰਵਾਉਣ ਲਈ ਦੇਸ਼ ਦੀ ਪਾਰਲੀਮੈਂਟ ਵਿੱਚ ਚੁੱਕੀ ਜਾਵੇ ਆਵਾਜ਼ ਅੰਮ੍ਰਿਤਸਰ ਦੇ ਐਮਪੀ ਗੁਰਜੀਤ ਸਿੰਘ ਔਜਲਾ ਨਾਲ

# ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਕੀਤੀ ਮੁਲਾਕਾਤ



**ਚੌਕ ਮਹਿਤਾ, 23 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਓਬੀਸੀ ਦਾ 27% ਕੋਟਾ ਲਾਗੂ ਕਰਵਾਉਣ ਲਈ ਤੇ ਓਬੀਸੀ ਨੂੰ ਆ ਰਹੀਆਂ ਪਰੇਸ਼ਾਨੀਆਂ ਤੇ ਜਾਤੀ ਜਨ ਗਨਣਾ ਨੂੰ ਜਲਦ ਤੋਂ ਜਲਦ ਕਰਵਾਉਣ ਦੇ ਲਈ ਇਸ ਮੁੱਦੇ ਨੂੰ ਦੇਸ਼ ਦੀ ਪਾਰਲੀਮੈਂਟ ਵਿੱਚ ਚੁੱਕਿਆ ਜਾਵੇ ਇਸ ਵਿਸ਼ੇ ਤੇ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨਾਲ ਵਿਸ਼ੇਸ਼ ਤੌਰ ਤੇ ਸਰਬਜੀਤ ਸਿੰਘ ਸੋਨੂ ਜੰਡਿਆਲਾ ਨੇ ਕੀਤੀ ਮੁਲਾਕਾਤ ਗੱਲਬਾਤ ਕਰਦੇ ਹੋਏ ਓਬੀਸੀ ਵਰਗ ਨੂੰ ਆ ਰਹੀਆਂ ਪਰੇਸ਼ਾਨੀਆਂ ਤੇ 27% ਕੋਟਾ ਤੇ ਜਾਤੀ ਜਨਗਣਨਾ ਕਰਵਾਉਣ ਦੇ ਲਈ ਵਿਸ਼ੇਸ਼ ਤੌਰ ਤੇ ਕੀਤੀ ਗਈ ਵਿਚਾਰ ਚਰਚਾ ਗੱਲਬਾਤ ਕਰਦੇ ਹੋਏ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਓਬੀਸੀ ਨੂੰ ਆ ਰਹੀਆਂ ਮੁਸ਼ਕਾਂ ਦਾ ਹੱਲ ਕਰਨ ਦੇ ਲਈ ਦੇਸ਼ ਦੀ ਪਾਰਲੀਮੈਂਟ ਵਿੱਚ ਚੁੱਕਾਂਗਾ ਆਵਾਜ਼ ਤੇ ਇਸ ਤੋਂ ਪਹਿਲਾਂ ਵੀ ਓਬੀਸੀ ਦੇ ਹੱਕਾਂ ਦੀ ਆਵਾਜ਼ ਦੇਸ਼ ਦੀ ਪਾਰਲੀਮੈਂਟ ਵਿੱਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ ਜੀ ਬੇਬਾਕੀ ਨਾਲ ਰੱਖ ਚੁੱਕੇ ਨੇ ਤੇ ਮੈਂ ਵੀ ਇਸ ਮੁੱਦੇ ਤੇ ਪਾਰਲੀਮੈਂਟ ਵਿੱਚ ਆਵਾਜ਼ ਚੁੱਕਾਂਗਾ ਤੇ ਓਬੀਸੀ ਦੇ ਹੱਕ ਦਵਾਉਣ ਦੇ ਲਈ ਕਾਂਗਰਸ ਪਾਰਟੀ ਵੱਲੋਂ ਆਪਣਾ ਅਹਿਮ ਯੋਗਦਾਨ ਪਾਵਾਂਗਾ ਗੱਲਬਾਤ ਕਰਦੇ ਹੋਏ ਉਹਨਾਂ ਦੱਸਿਆ ਕਿ ਓਬੀਸੀ ਵਰਗ ਨੂੰ ਉਨਾਂ ਦਾ ਬਣਦਾ ਹੱਕ ਤੇ ਮਾਣ ਸਤਿਕਾਰ ਮਿਲਣਾ ਚਾਹੀਦਾ ਹੈ ਕਿਉਂਕਿ ਰਾਹੁਲ ਗਾਂਧੀ ਜੀ ਕਹਿੰਦੇ ਨੇ ਜਿਸ ਦੀ ਜਿੰਨੀ ਹਿੱਸੇਦਾਰੀ ਉਸਦੀ ਉਨੀ ਭਾਗੇਦਾਰੀ ਅੱਜ ਓਬੀਸੀ ਵਰਗ ਦੀ ਭਾਗੇ ਦਾਰੀ ਵੀ ਉਹਨਾਂ ਨੂੰ ਮਿਲਣੀ ਚਾਹੀਦੀ ਹੈ। ਗੱਲਬਾਤ ਕਰਦੇ ਹੋਏ ਉਹਨਾਂ ਦੱਸਿਆ ਕਿ ਸੋਨੂੰ ਜੰਡਿਆਲਾ ਨੇ ਪਹਿਲਾਂ ਵੀ ਜੋ ਮਸਲੇ ਸਾਡੇ ਧਿਆਨ ਵਿੱਚ ਲਿਆਂਦੇ ਨੇ ਤੇ ਅਸੀਂ ਉਹਨਾਂ ਨੂੰ ਹੱਲ ਕਰਨ ਦੇ ਲਈ ਹਰ ਸੰਭਵ ਕੋਸ਼ਿਸ਼ ਕੀਤੀ ਹੈ ਤੇ ਅੱਗੇ ਵੀ ਅਸੀਂ ਓਬੀਸੀ ਦੇ ਹੱਕਾਂ ਦੀ ਲੜਾਈ ਲੜਦੇ ਰਵਾਂਗੇ ਗੱਲਬਾਤ ਕਰਦੇ ਹੋਏ ਸੋਨੂ ਜੰਡਿਆਲਾ ਨੇ ਦੱਸਿਆ ਕਿ ਓਬੀਸੀ ਦੇ ਪਾਰਲੀਮੈਂਟ ਕਮੇਟੀ ਦੇ ਮੈਂਬਰ ਗੁਰਜੀਤ ਸਿੰਘ ਔਜਲਾ ਤੇ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਜੋ ਕੀ ਹਮੇਸ਼ਾ ਹੀ ਹਰ ਵਰਗ ਦੀ ਗੱਲ ਬੜੀ ਬੇਬਾਕੀ ਨਾਲ ਪਾਰਲੀਮੈਂਟ ਵਿੱਚ ਚੁੱਕਦੇ ਨੇ ਤੇ ਆਸ ਕਰਦੇ ਹਾਂ ਕਿ ਓਬੀਸੀ ਵਰਗ ਨੂੰ ਆ ਰਹੀਆਂ ਪਰੇਸ਼ਾਨੀਆਂ ਦੀ ਆਵਾਜ਼ ਵੀ ਦੇਸ਼ ਦੀ ਪਾਰਲੀਮੈਂਟ ਵਿੱਚ ਚੁੱਕਣਗੇ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅੰਤਿਮ ਅਰਦਾਸ 'ਤੇ ਰਣਜੀਤ ਸਿੰਘ ਸਾਮਾ ਨੂੰ ਚਾਹੁਣ ਵਾਲਿਆਂ ਦਾ ਵੱਡਾ ਜਨਸਲਾਬ—ਸਮਾਜ ਸੇਵਾ ਲਈ ਕੀਤਾ ਯਾਦ



**ਫ਼ਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ) :—** ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਰਣਜੀਤ ਸਿੰਘ ਸਾਮਾ ਦੇ ਅਚਾਨਕ ਸਦੀਵੀਂ ਵਿਛੋੜੇ ਨੇ ਸਾਰੇ ਇਲਾਕੇ ਨੂੰ ਗ਼ਮਗੀਨ ਕਰ ਦਿੱਤਾ। ਉਹਨਾਂ ਦੀ ਅੰਤਿਮ ਅਰਦਾਸ ਮੌਕੇ ਉਹਨਾਂ ਨੂੰ ਚਾਹੁਣ ਵਾਲਿਆਂ ਦਾ ਵੱਡਾ ਜਨ ਸਲਾਬ ਉਮੜਿਆ ਤੇ ਸਾਰੀ ਸੰਗਤ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਸਾਮਾ ਜੀ ਦੀ ਲੰਬੇ ਸਮੇਂ ਤੱਕ ਕੀਤੀ ਸਮਾਜਸੇਵਾ ਅਤੇ ਲੋਕ ਭਲਾਈ ਲਈ ਉਨ੍ਹਾਂ ਦੀ ਲਗਨ ਨੂੰ ਯਾਦ ਕਰਦਿਆਂ ਸਾਰੇ ਹਾਜ਼ਰ ਨੇਤਾ ਤੇ ਸੰਗਤਾਂ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਖਾਸ ਤੌਰ 'ਤੇ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ, ਜਲਾਲਾਬਾਦ ਤੋਂ ਵਿਧਾਇਕ ਜਗਦੀਪ ਗੋਲਡੀ ਕੰਬੋਜ, ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਰਜਨੀਸ਼ ਕੁਮਾਰ ਦਹੀਆ, ਫਿਰੋਜ਼ਪੁਰ ਸ਼ਹਿਰ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ, ਸਾਬਕਾ ਵਿਧਾਇਕ ਜੁਗਿੰਦਰ ਸਿੰਘ ਜਿੰਦੂ, ਮਲਕੀਤ ਸਿੰਘ ਥਿੰਦ ਚੇਅਰਮੈਨ ਬੀ.ਸੀ ਕਮਿਸ਼ਨ, ਭਾਜਪਾ ਆਗੂ ਅਨੁਮੀਤ ਸਿੰਘ ਹੀਰਾ ਸੋਢੀ, ਨਗਰ ਕੌਂਸਲ ਤਲਵੰਡੀ ਭਾਈ ਦੇ ਪ੍ਰਧਾਨ ਤਰਸੇਮ ਸਿੰਘ ਮੱਲਾ, ਐਸ.ਜੀ.ਪੀ.ਸੀ. ਮੈਂਬਰ ਸਤਪਾਲ ਸਿੰਘ ਤਲਵੰਡੀ, ਦਰਸ਼ਨ ਸਿੰਘ ਸ਼ੇਰਖਾਂ, ਪ੍ਰੀਤਮ ਸਿੰਘ ਮਲਸੀਹਾਂ, ਕਾਂਗਰਸੀ ਆਗੂ ਗੁਰਦੀਪ ਸਿੰਘ ਢਿੱਲੋਂ ਸਮੇਤ ਇਲਾਕੇ ਦੀਆਂ ਵੱਡੀਆਂ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਪਹੁੰਚੀਆਂ। ਨੇਤਾਵਾਂ ਨੇ ਸਾਮਾ ਜੀ ਨੂੰ ਯਾਦ ਕਰਦੇ ਕਿਹਾ ਕਿ ਉਹ ਹਮੇਸ਼ਾਂ ਸਮਾਜ ਭਲਾਈ, ਧਾਰਮਿਕ ਕਾਰਜਾਂ ਅਤੇ ਲੋਕਾਂ ਦੇ ਹਿੱਤ ਲਈ ਅੱਗੇ ਰਹਿੰਦੇ ਸਨ। ਉਨ੍ਹਾਂ ਦੀ ਸਾਫ-ਸੁਥਰੀ ਛਵੀ ਅਤੇ ਲੋਕਾਂ ਨਾਲ ਬੇਲੋਭ ਸੇਵਾ ਉਨ੍ਹਾਂ ਨੂੰ ਸਭ ਤੋਂ ਵੱਖ ਬਣਾਉਂਦੀ ਸੀ। ਸਾਮਾ ਜੀ ਨੇ ਆਪਣੀ ਜ਼ਿੰਦਗੀ ਗਰੀਬਾਂ ਅਤੇ ਨਿਮਰ ਵਰਗ ਦੀ ਮਦਦ ਲਈ ਸਮਰਪਿਤ ਰੱਖੀ। ਚਾਹੇ ਕਿਸੇ ਪਰਿਵਾਰ ਦੀ ਮੁਸ਼ਕਲ ਹੋਵੇ ਜਾਂ ਕਿਸੇ ਧਾਰਮਿਕ ਮੋਰਚੇ ਦੀ ਲੋੜ—ਉਹ ਹਮੇਸ਼ਾ ਪਹਿਲ ਕਦਮ ਲੈਂਦੇ ਸਨ। ਸੰਗਤਾਂ ਨੇ ਭਾਵੁਕ ਹੋਕਰ ਕਿਹਾ ਕਿ ਸਾਮਾ ਜੀ ਵੱਲੋਂ ਕੀਤੇ ਸਮਾਜ ਸੁਧਾਰਕ ਕੰਮਾਂ ਦੀ ਬਦੌਲਤ ਉਹਨਾਂ ਦਾ ਯੋਗਦਾਨ ਕਦੇ ਭੁੱਲਿਆ ਨਹੀਂ ਜਾ ਸਕੇਗਾ। ਉਨ੍ਹਾਂ ਦੀ ਰਹਿਣ-ਸਹਿਣ, ਨਿਮਰ ਸੁਭਾਉ ਅਤੇ ਲੋਕਾਂ ਦੀ ਭਲਾਈ ਲਈ ਲਗਨ ਨੇ ਹਰ ਕਿਸੇ ਦੇ ਦਿਲ 'ਚ ਉਹਨਾਂ ਲਈ ਖਾਸ ਥਾਂ ਬਣਾਈ। ਅੰਤਿਮ ਅਰਦਾਸ ਦੌਰਾਨ ਹਜੂਮ ਦੀ ਵੱਡੀ ਗਿਣਤੀ ਨੇ ਸਾਬਤ ਕੀਤਾ ਕਿ ਰਣਜੀਤ ਸਿੰਘ ਸਾਮਾ ਸਿਰਫ਼ ਇੱਕ ਅਹੁਦਾ ਨਹੀਂ ਸਗੋਂ ਲੋਕਾਂ ਦੇ ਦਿਲਾਂ ਦੇ ਚੇਅਰਮੈਨ ਸਨ। ਸੰਗਤ ਨੇ ਅਰਦਾਸ ਕਰਦੇ ਹੋਏ ਪ੍ਰਭੂ ਕੋਲ ਬੇਨਤੀ ਕੀਤੀ ਕਿ ਪਰਮਾਤਮਾ ਉਹਨਾਂ ਦੀ ਆਤਮਾ ਨੂੰ ਆਪਣੇ ਚਰਨਾਂ 'ਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਇਸ ਵੱਡੇ ਦੁੱਖ ਨੂੰ ਸਹਿਣ ਦੀ ਤਾਕਤ ਦੇਵੇ। ਪ੍ਰੋਗਰਾਮ ਦੌਰਾਨ ਮੰਚ ਸੰਚਾਲਨ ਦੀ ਭੂਮਿਕਾ ਡਾਕਟਰ ਸਤਿੰਦਰ ਸਿੰਘ ਡਿਪਟੀ ਡੀਈਓ ਫਿਰੋਜ਼ਪੁਰ ਨੇ ਨਿਭਾਈ ਇਸ ਉਪਰੰਤ ਪਰਿਵਾਰਿਕ ਮੈਂਬਰ ਭਗਵਾਨ ਸਿੰਘ ਨੰਬਰਦਾਰ ਅਤੇ ਅਮਰੀਕ ਸਿੰਘ ਡੀ.ਪੀ.ਆਰ.ਓ ਫਰੀਦਕੋਟ ਨੇ ਆਏ ਹੋਏ ਸਮੂਹ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਆਪਣਾ ਪਿਆਰ ਦੇਣ ਲਈ ਬੇਨਤੀ ਕੀਤੀ।

## ਚੰਡੀਗੜ੍ਹ ਨੂੰ ਪੰਜਾਬ ਤੋਂ ਖੋਹਣ ਦੀ ਸਾਜ਼ਿਸ਼ ਖ਼ਿਲਾਫ਼ ਸਮੁੱਚੇ ਪੰਜਾਬੀਆਂ ਨੂੰ ਇੱਕਜੁੱਟ ਹੋਣ ਦੀ ਅਪੀਲ , ਲੇਖਕਾਂ ਨੇ ਬਿੱਲ ਵਾਪਸ ਲੈਣ ਦੀ ਮੰਗ ਕੀਤੀ



ਦਰਸ਼ਨ ਬੁੱਟਰ, ਸੁਸ਼ੀਲ ਦੁਸਾਂਝ, ਮੱਖਣ ਸਿੰਘ ਕੁਹਾੜ ਸ਼ੇਲਿੰਦਰਜੀਤ ਸਿੰਘ ਰਾਜਨ ਦੀਪ ਦੇਵਿੰਦਰ ਸਿੰਘ

**ਚੌਕ ਮਹਿਤਾ, 23 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਨੂੰ ਪੰਜਾਬ ਦੇ ਸੰਵਿਧਾਨਕ ਅਧਿਕਾਰ ਖੇਤਰ ਤੋਂ ਬਾਹਰ ਕੱਢਣ ਦੀ ਯੋਜਨਾ ਅਤੇ ਇਸ ਸਬੰਧ ਵਿੱਚ ਪਹਿਲੀ ਦਸੰਬਰ ਤੋਂ ਸ਼ੁਰੂ ਹੋਣ ਵਾਲੇ ਸੰਸਦ ਦੇ ਸਰਦ ਰੁੱਤ ਸੈਸ਼ਨ ਵਿੱਚ ਲਿਆਉਣ ਵਾਲੇ ਸੰਵਿਧਾਨ (131ਵਾਂ ਸੋਧ) ਬਿਲ-2025 ਦੀ ਪੰਜਾਬੀ ਲੇਖਕਾਂ ਨੇ ਸਖ਼ਤ ਨਿੰਦਾ ਕੀਤੀ ਹੈ ਅਤੇ ਕਿਹਾ ਹੈ ਕਿ ਇਹ ਫ਼ੈਸਲਾ ਪੰਜਾਬੇ ਦੇ ਅਧਿਕਾਰਾਂ, ਇਸ ਦੀ ਸੱਭਿਆਚਾਰਕ ਵਿਰਾਸਤ ਅਤੇ ਭਾਸ਼ਾਈ ਰੁਤਬੇ ਨੂੰ ਖ਼ਤਮ ਕਰਨ ਦੀ ਗੰਭੀਰ ਸਾਜ਼ਿਸ਼ ਹੈ । ਇਸ ਸਬੰਧੀ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਹੈ ਕਿ ਇਸ ਬਿੱਲ ਰਾਹੀਂ ਚੰਡੀਗੜ੍ਹ ਨੂੰ ਇੱਕ ਵੱਖਰੇ ਪ੍ਰਸ਼ਾਸਕ ਯਾਨੀ ਉਪ ਰਾਜਪਾਲ (ਲੈਫ਼ਟੀਨੈਂਟ ਗਵਰਨਰ) ਹਵਾਲੇ ਕਰ ਕੇ ਪੂਰੀ ਤਰ੍ਹਾਂ ਕੇਂਦਰ ਸਰਕਾਰ ਦੇ ਅਧੀਨ ਕਰਨ ਦੀ ਯੋਜਨਾ ਬਣਾਈ ਜਾ ਰਹੀ ਹੈ । ਇਹ ਚੰਡੀਗੜ੍ਹ ਨੂੰ ਸੰਵਿਧਾਨ ਦੀ ਧਾਰਾ 240 ਅਧੀਨ ਲਿਆਉਣ ਵਾਲਾ ਅਜਿਹਾ ਕਦਮ ਹੈ, ਜੋ ਅੰਡਮਾਨ ਅਤੇ ਨਿਕੋਬਾਰ, ਲਕਸ਼ਦਵੀਪ ਜਾਂ ਦਾਦਰਾ-ਨਗਰ ਹਵੇਲੀ ਵਰਗੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਾਂਗ ਬਿਨਾਂ ਵਿਧਾਨ ਸਭਾ ਵਾਲਾ ਬਣਾ ਦੇਵੇਗਾ । ਨਤੀਜੇ ਵਜੋਂ ਪੰਜਾਬ ਦਾ ਚੰਡੀਗੜ੍ਹ ਉੱਤੇ ਪ੍ਰਸ਼ਾਸਨਕ ਅਤੇ ਰਾਜਨੀਤਕ ਅਧਿਕਾਰ ਪੂਰੀ ਤਰ੍ਹਾਂ ਖ਼ਤਮ ਹੋ ਜਾਵੇਗਾ, ਜੋ ਸਿੱਧਾ-ਸਿੱਧਾ ਪੰਜਾਬ ਦੇ ਹੱਕਾਂ 'ਤੇ ਡਾਕੇ ਵਾਂਗ ਹੀ ਹੋਵੇਗਾ । ਉਨ੍ਹਾਂ ਕਿਹਾ ਕਿ ਹਾਲ-ਫਿਲਹਾਲ ਯੂਟੀ ਚੰਡੀਗੜ੍ਹ ਵਿੱਚ ਕਰਮਚਾਰੀਆਂ ਦਾ ਅਨੁਪਾਤ ਪੰਜਾਬ ਦਾ 60 ਫ਼ੀਸਦੀ ਅਤੇ ਹਰਿਆਣਾ ਦਾ 40 ਫ਼ੀਸਦੀ ਹੈ, ਪਰ ਇਸ ਫ਼ੈਸਲੇ ਨਾਲ ਪੰਜਾਬੀ ਕਰਮਚਾਰੀਆਂ ਅਤੇ ਅਧਿਕਾਰੀਆਂ ਦਾ ਭਵਿੱਖ ਵੀ ਗੰਭੀਰ ਖ਼ਤਰੇ ਵਿੱਚ ਪੈ ਜਾਵੇਗਾ। ਚੰਡੀਗੜ੍ਹ, ਜੋ ਪੰਜਾਬ ਅਤੇ ਹਰਿਆਣਾ ਦੀ ਸਾਂਝੀ ਰਾਜਧਾਨੀ ਹੈ, ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦਾ ਕੇਂਦਰ ਵੀ ਹੈ। ਇਸ ਨੂੰ ਪੰਜਾਬ ਤੋਂ ਮੁਕੰਮਲ ਤੌਰ 'ਤੇ ਵੱਖ ਕਰਨਾ ਪੰਜਾਬੀ ਵਿਰਸੇ ਨੂੰ ਵੰਡਣ ਵਾਲਾ ਕਦਮ ਹੈ, ਜੋ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਹੈ । ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ ਅਤੇ ਮੱਖਣ ਸਿੰਘ ਭੈਣੀਵਾਲਾ, ਸਕੱਤਰ ਨਵਦੀਪ ਸਿੰਘ ਬਦੇਸ਼ਾ, ਬਲਵਿੰਦਰ ਸਿੰਘ ਅਠੌਲਾ ਆਦਿ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਸ ਬਿੱਲ ਨੂੰ ਤੁਰੰਤ ਵਾਪਸ ਲਿਆ ਜਾਵੇ ।ਸਭਾ ਨੇ ਪੰਜਾਬੀ ਲੇਖਕਾਂ, ਬੁੱਧੀਜੀਵੀਆਂ ਅਤੇ ਪੂਰੇ ਪੰਜਾਬੀ ਭਾਈਚਾਰੇ ਨੂੰ ਵੀ ਇਸ ਦੇ ਵਿਰੋਧ ਵਿੱਚ ਇੱਕਜੁਟ ਹੋਣ ਦੀ ਅਪੀਲ ਕੀਤੀ ਹੈ, ਤਾਂ ਜੋ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਬਚਾਇਆ ਜਾ ਸਕੇ।

### ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਲੈ ਕੇ

# ਲਾਲ ਕਿਲ੍ਹੇ ’ਤੇ ਤਿੰਨ ਰੋਜ਼ਾ ਸਮਾਗਮ ਸ਼ੁਰੂ



**ਨਵੀਂ ਦਿੱਲੀ, 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਹਨਾਂ ਦੇ ਅਨਿੰਨ ਸੇਵਕਾਂ ਭਾਈ ਸਤੀ ਦਾਸ, ਭਾਈ ਮਤੀ ਦਾਸ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਲੈ ਕੇ ਕੌਮੀ ਰਾਜਧਾਨੀ ਵਿਚ ਲਾਲ ਕਿਲ੍ਹੇ ’ਤੇ ਤਿੰਨ ਰੋਜ਼ਾ ਸਮਾਗਮ ਅੱਜ ਸ਼ੁਰੂ ਹੋ ਗਏ। ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਕਮੇਟੀ ਦੇ ਜੱਥੇ ਵੱਲੋਂ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਲਾਲ ਕਿਲ੍ਹੇ ’ਤੇ ਲਿਜਾਏ ਗਏ। ਹੁਣ ਤਿੰਨ ਰੋਜ਼ਾ ਸਮਾਗਮ ਲਾਲ ਕਿਲ੍ਹੇ ’ਤੇ ਚੱਲਣਗੇ ਜਿਸ ਦੌਰਾਨ ਕੀਰਤਨ ਸਮਾਗਮ ਤੇ ਹੋਰ ਧਾਰਮਿਕ ਸਮਾਗਮ ਹੋਣਗੇ। ਇਸ ਬਾਰੇ ਜਾਣਕਾਰੀ ਦਿੰਦਿਆਂ ਸਰਦਾਰ ਸਿਰਸਾ, ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਅੱਜ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਗੁਰਦੁਆਰਾ ਸੀਸਗੰਜ ਸਾਹਿਬ ਤੋਂ ਲਾਲ ਕਿਲ੍ਹੇ ਤੱਕ ਲਿਜਾਏ ਗਏ ਹਨ ਜਿਥੇ ਪ੍ਰਕਾਸ਼ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਤਿੰਨ ਰੋਜ਼ਾ ਸਮਾਗਮ ਦੌਰਾਨ ਹਰ ਰੋਜ਼ ਸ਼ਾਮ ਨੂੰ ਕੀਰਤਨ ਦਰਬਾਰ ਹੋਣਗੇ ਜਿਸ ਵਿਚ ਪੰਥ ਦੇ ਨਾਮ ਰਾਗੀ ਸਿੰਘਾਂ ਦੇ ਜੱਥੇ ਗੁਰੂ ਕੀ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਉਹਨਾਂ ਕਿਹਾ ਕਿ ਤਿੰਨ ਰੋਜ਼ਾ ਸਮਾਗਮ ਦੌਰਾਨ ਹਜ਼ਾਰਾਂ ਸੰਗਤਾਂ ਇਸ ਪ੍ਰੋਗਰਾਮ ਵਿਚ ਸ਼ਾਮਲ ਹੋਣਗੀਆਂ। ਇਸ ਵਾਸਤੇ ਜਿਥੇ ਮੁੱਖ ਪੰਡਾਲ ਵਿਚ ਇਕੋ ਸਮੇਂ 50 ਹਜ਼ਾਰ ਲੋਕਾਂ ਦੇ ਬੈਠ ਕੇ ਗੁਰਬਾਣੀ ਸਰਵਣ ਕਰਨ ਦਾ ਇੰਤਜ਼ਾਮ ਕੀਤਾ ਗਿਆ ਹੈ, ਉਥੇ ਹੀ ਸੰਗਤਾਂ ਦੇ ਰਾਤ ਨੂੰ ਠਹਿਰਣ ਵਾਸਤੇ ਵਿਸ਼ੇਸ਼ ਟੈਂਟ ਸਿਟੀ ਦਾ ਇੰਤਜ਼ਾਮ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਅੱਜ 23 ਨਵੰਬਰ ਨੂੰ ਪਹਿਲਾ ਦਿਨ ਹੈ ਜਦੋਂ ਰਾਤ ਨੂੰ ਗੁਰਬਾਣੀ ਕੀਰਤਨ ਦਰਬਾਰ ਵਿਚ ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਸ਼ਿਰਕਤ ਕਰਨਗੇ। ਉਹਨਾਂ ਕਿਹਾ ਕਿ ਇਸੇ ਤਰੀਕੇ 24 ਅਤੇ 25 ਤਾਰੀਕ ਨੂੰ ਵੀ ਲਾਲ ਕਿਲ੍ਹੇ ’ਤੇ ਸਮਾਗਮਾਂ ਵਿਚ ਵਿਸ਼ੇਸ਼ ਮਹਿਮਾਨ ਸ਼ਾਮਲ ਹੋਣਗੇ। ਉਹਨਾਂ ਇਹ ਵੀ ਦੱਸਿਆ ਕਿ ਇਹਨਾਂ ਤਿੰਨ ਦਿਨਾਂ ਸਮਾਗਮਾਂ ਦੌਰਾਨ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਦੀ ਅਗਵਾਈ ਹੇਠ ਟੀਮ ਵੱਲੋਂ ਲੰਗਰ ਲਗਾਏ ਜਾ ਰਹੇ ਹਨ। ਉਹਨਾਂ ਦੱਸਿਆ ਕਿ ਸਮਾਗਮਾਂ ਵਾਸਤੇ ਸੰਗਤਾਂ ਵਿਚ ਬਹੁਤ ਸ਼ਰਧਾ ਤੇ ਸਤਿਕਾਰ ਹੈ। ਉਹਨਾਂ ਦੱਸਿਆ ਕਿ ਇਹ ਕਿਸੇ ਵੀ ਗੁਰਮੁੱਖ ਦੇ ਜੀਵਨ ਵਿਚ ਪਹਿਲੀ ਵਾਰ ਆਉਣ ਵਾਲਾ ਮੌਕਾ ਹੈ ਜਿਸ ਵਾਸਤੇ ਹਰ ਗੁਰਸਿੱਖ ਗੁਰੂ ਘਰ ਦੀ ਸੇਵਾ ਕਰ ਕੇ ਆਪਣਾ ਜੀਵਨ ਸਫਲਾ ਕਰਨ ਦੇ ਮੌਕੇ ਦਾ ਲਾਭ ਲੈ ਸਕਦਾ ਹੈ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਇਸ ਦੌਰਾਨ ਲਾਲ ਕਿਲ੍ਹੇ ’ਤੇ ਚਲ ਰਹੇ ਲਾਈਟ ਅਤੇ ਸਾਊਂਡ ਸ਼ੋਅ ਅਤੇ ਚਿੱਤਰ ਪ੍ਰਦਰਸ਼ਨੀ ਨੂੰ ਵੇਖਣ ਵਾਸਤੇ ਹਜ਼ਾਰਾਂ ਸੰਗਤਾਂ ਦਾ ਇਕੱਠ ਰੋਜ਼ਾਨਾ ਹੋ ਰਿਹਾ ਹੈ। ਉਹਨਾਂ ਦੱਸਿਆ ਕਿ ਚਿੱਤਰ ਪ੍ਰਦਰਸ਼ਨੀ ਵਿਚ ਵੀ ਤਸਵੀਰਾਂ ਰਾਹੀਂ ਗੁਰ ਇਤਿਹਾਸ ਨੂੰ ਬਾਖੂਬੀ ਬਿਆਨ ਕੀਤਾ ਗਿਆ ਹੈ ਜਿਸਨੂੰ ਵੇਖ ਕੇ ਸੰਗਤ ਪ੍ਰਭਾਵਤ ਹੋ ਰਹੀ ਹੈ। ਉਹਨਾਂ ਕਿਹਾ ਕਿ ਅਸੀਂ ਬੀਤੇ ਦਿਨ ਵੀ ਦੱਸਿਆਸੀ ਕਿ ਲਾਈਟ ਐਂਡ ਸਾਊਂਡ ਸ਼ੋਅ ਨੂੰ ਵੇਖ ਕੇ ਸੰਗਤ ਬਹੁਤ ਭਾਵੁਕ ਹੋ ਰਹੀ ਹੈ। ਉਹਨਾਂ ਕਿਹਾ ਕਿ ਇਹ ਇਤਿਹਾਸਕ ਸਮਾਗਮ ਹਨ ਜਿਹਨਾਂ ਨੂੰ ਵੇਖਣ ਵਾਸਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੂਰ ਦੁਰਾਡੇ ਤੋਂ ਪਹੁੰਚ ਰਹੀਆਂ ਹਨ ਅਤੇ ਇਹਨਾਂ ਪ੍ਰੋਗਰਾਮਾਂ ਵਾਸਤੇ ਦਿੱਲੀ ਸਰਕਾਰ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਮਿਲ ਕੇ ਕੰਮ ਕਰ ਰਹੀਆਂ ਹਨ।

### ਸ੍ਰੀ ਅਨੰਦਪੁਰ ਸਾਹਿਬ ਵਿਖੇ ਸਰਬ-ਧਰਮ ਸੰਮੇਲਨ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ

# ਉੱਘੇ ਸਿੱਖ ਚਿੰਤਕ ਭਗਵਾਨ ਸਿੰਘ ਜੌਹਲ ਦਾ ਸਨਮਾਨ

**ਸ੍ਰੀ ਅਨੰਦਪੁਰ ਸਾਹਿਬ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖਾਂ ਦੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋ ਚੁੱਕੇ ਹਨ। ਇੱਥੇ ’ਸਰਬ ਧਰਮ ਸੰਮੇਲਨ’ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਇਸ ਪਵਿੱਤਰ ਧਰਤੀ ’ਤੇ ਆਉਣ ਵਾਲਿਆਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਹੋਵੇ ਅਤੇ ਇੰਨੇ ਗੁਣੀ-ਗਿਆਨੀ ਵਿਦਵਾਨ ਬੈਠੇ ਹੋਣ ਤਾਂ ਇੱਥੇ ਮੇਰੇ ਵਰਗੇ ਨੂੰ ਬੋਲਣਾ ਜ਼ਿਆਦਾ ਸ਼ੋਭਾ ਨਹੀਂ ਦਿੰਦਾ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਬਾਰੇ ਹਰ ਧਰਮ ’ਚ ਵਿਚਾਰਾਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਧਰਤੀ ’ਤੇ ਪੰਜਾਬ ਦੇ ਰਾਜਪਾਲ, ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਮੌਜੂਦ ਹਨ। ਅਸੀਂ ਗੁਰੂ ਸਾਹਿਬ ਦੀ ਮਰਿਆਦਾ ਦੀ ਪਾਲਣਾ ਕਰਦੇ ਹੋਏ ਉਨ੍ਹਾਂ ਦੇ ਹੁਕਮਾਂ ਨੂੰ ਫੁੱਲ ਚੜ੍ਹਾਉਣੇ ਹਨ, ਜੋ ਕੁਰਬਾਨੀ ਨੌਵੇਂ ਪਾਤਸ਼ਾਹ ਜੀ ਦੀ ਹੈ, ਉਸ ਨੂੰ ਸ਼ਬਦਾਂ ’ਚ ਬਿਆਨ ਨਹੀਂ ਕੀਤਾ ਜਾ ਸਕਦਾ। ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਪੂਰੀ ਧਰਤੀ ਨੂੰ ਸਲੇਟ ਬਣਾ ਲਿਆ ਜਾਵੇ, ਪੂਰੀ ਧਰਤੀ ’ਤੇ ਮੌਜੂਦ ਦਰੱਖਤਾਂ ਨੂੰ ਪੈੱਨ ਬਣਾ ਲਿਆ ਜਾਵੇ ਅਤੇ ਸਮੁੰਦਰਾਂ, ਸਾਗਰਾਂ ਝੀਲਾਂ ਦੇ ਪਾਣੀਆਂ ਨੂੰ ਸਿਆਹੀ ਬਣਾ ਲਿਆ ਜਾਵੇ ਤਾਂ ਵੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਕੁਰਬਾਨੀ ਬਾਰੇ ਨਹੀਂ ਲਿਖਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਪੋਤਿਆਂ ਤੱਕ ਦਾ ਵੀ ਬਲੀਦਾਨ ਦਿੱਤਾ। ਅਜਿਹਾ ਕੁਰਬਾਨੀਆਂ ਨਾਲ ਭਰਿਆ ਹੋਇਆ ਇਤਿਹਾਸ ਦੁਨੀਆ ਦੀ ਕਿਸੇ ਹੋਰ ਕਿਤਾਬ ’ਚ ਨਹੀਂ ਮਿਲਦਾ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਇਹ ਕੋਈ ਛੋਟੀਆਂ-ਮੋਟੀਆਂ ਕੁਰਬਾਨੀਆਂ ਨਹੀਂ ਹਨ ਅਤੇ ਕਿਸੇ ਵਾਸਤੇ ਕੁਰਬਾਨੀਆਂ ਦੀ ਇਸ ਤੋਂ ਵੱਡੀ ਤਿਆਗ ਦੀ ਮਿਸਾਲ ਨਹੀਂ ਮਿਲ ਸਕਦੀ। ਉਨ੍ਹਾਂ ਕਿਹਾ ਕਿ ਅਸੀਂ ਤਾਂ ਬਹੁਤ ਤੁੱਛ ਗਿਆਨੀ ਹਾਂ। ਉਨ੍ਹਾਂ ਇਸ ਪਵਿੱਤਰ ਧਰਤੀ ’ਤੇ ਆਏ ਸਾਰੇ ਮਹਾਂਪੁਰਸ਼ਾਂ ਅਤੇ ਸੰਗਤ ਦਾ ਇਕ ਵਾਰ ਫਿਰ ਧੰਨਵਾਦ ਕੀਤਾ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਉੱਘੇ ਸਿੱਖ ਚਿੰਤਕ ਤੇ ਲਿਖਾਰੀ ਭਗਵਾਨ ਸਿੰਘ ਜੌਹਲ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਨਮਾਨ ਲਈ ਪੰਜਾਬ ਦੀਆਂ ਪੰਥਕ, ਧਾਰਮਿਕ ਤੇ ਸਿਆਸੀ ਸ਼ਖ਼ਸੀਅਤਾਂ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ। ਇਸ ਦੌਰਾਨ ਆਵਾਜ਼ਿ ਕੌਮ ਅਖ਼ਬਾਰ ਦੇ ਮੁੱਖ ਸੰਪਾਦਕ ਭਾਈ ਰਘਵੀਰ ਸਿੰਘ ਵਾਲਸਾਲ ਨੇ ਵੀ ਉਨ੍ਹਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਰਦਾਸ ਕਰਦੇ ਹਾਂ ਕਿ ਸਿੱਖੀ ਦੇ ਇਸ ਵਲਵਲੇ ਨੂੰ ਹੋਰ ਅੱਗੇ ਵਧਾਉਂਦਿਆਂ ਉਹ ਆਪਣੀ ਕਲਮ ਤੇ ਤਕਰੀਰਾਂ ਰਾਹੀਂ ਸੇਵਾ ਕਰਦੇ ਰਹਿਣਗੇ।



# ਤਲਬੀਰ ਗਿੱਲ ਨੇ ਪਿੰਡ ਮਹਿਮੂਦਪੁਰ ਤੋਂ ਲਛਮਣ ਦੀ ਮਾੜੀ ਸੜਕ ਦਾ ਰੱਖਿਆ ਨੀਂਹ ਪੱਥਰ



**ਚੌਕ ਮਹਿਤਾ, 23 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਿਧਾਨ ਸਭਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪਿੰਡ ਮਹਿਮੂਦਪੁਰ ਤੋਂ ਜਾਣ ਵਾਲੀ ਸੜਕ ਮਾੜੀ ਲਛਮਣ ਦੀ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਗੱਲਬਾਤ ਕਰਦਿਆਂ ਤਲਬੀਰ ਗਿੱਲ ਨੇ ਕਿਹਾ ਕਿ ਇਹ ਸੜਕ 13 ਲੱਖ 91 ਹਜਾਰ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ। ਉਨ੍ਹਾਂ ਕਿਹਾ ਕਿ ਹਲਕੇ ਦਾ ਵਿਕਾਸ ਕਰਾਉਣਾ ਮੇਰੀ ਮੁੱਖ ਜਿੰਮੇਵਾਰੀ ਹੈ ਅਤੇ ਹਰ ਸਹੂਲਤ ਹਰ ਵਿਅਕਤੀ ਤੱਕ ਪਹੁੰਚਾਉਣੀ ਮੈਂ ਆਪਣੀ ਗੁਰੂ ਮਹਾਰਾਜ ਦੀ ਬਖਸੀ ਹੋਈ ਸੇਵਾ ਸਮਝਦਾ ਹਾਂ ਅਤੇ ਸੇਵਾ ਕਰਦਾ ਰਹਾਂਗਾ। ਇਸ ਮੌਕੇ ਬਾਪੂ ਜਸਵੰਤ ਸਿੰਘ, ਗੁਰਮੀਤ ਸਿੰਘ, ਸੁਖਵਿੰਦਰ ਸਿੰਘ, ਮਨਪ੍ਰੀਤ ਸਿੰਘ, ਲਖਵਿੰਦਰ ਸਿੰਘ, ਗੁਰਮੁਖ ਸਿੰਘ, ਕਰਨਵੀਰ ਸਿੰਘ, ਪ੍ਰਦੀਪ ਸਿੰਘ, ਦਲਵਿੰਦਰ ਸਿੰਘ, ਗੁਰਦੇਵ ਸਿੰਘ, ਬਲਜੋਤ ਸਿੰਘ, ਮੱਖਣ ਸਿੰਘ, ਧਰਮ ਸਿੰਘ, ਰਵਿੰਦਰ ਸਿੰਘ, ਯੋਧਾ ਸਿੰਘ, ਕਸ਼ਮੀਰ ਸਿੰਘ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ ਆਦਿ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਆਗੂ ਹਾਜਰ ਸਨ।

# ਪੰਜਾਬ ਵਿੱਚ ਬਿਜਲੀ ਕਨੈਕਸ਼ਨ ਲਈ ਐਨ.ਓ.ਸੀ ਦੀ ਸ਼ਰਤ ਖਤਮ : ਹਰਜਿੰਦਰ ਸਿੰਘ ਰੰਧਾਵਾ, ਬੂਟਾ ਸਿੰਘ ਜਲਾਲ ਉਸ਼ਮਾ

**ਚੌਕ ਮਹਿਤਾ 23 ਨਵੰਬਰ,,( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵੱਲੋਂ ਬਿਜਲੀ ਕਨੈਕਸ਼ਨ ਲਈ ਐਨ.ਓ.ਸੀ ਦੀ ਸ਼ਰਤ ਖ਼ਤਮ ਕਰਨ ਦੇ ਇਤਿਹਾਸਕ ਫ਼ੈਸਲੇ ਦਾ ਆਪ ਪ੍ਰਧਾਨ ਟ੍ਰੇਡ ਵਿੰਗ ਹਲਕਾ



ਜੰਡਿਆਲਾ ਤੋ ਹਰਜਿੰਦਰ ਸਿੰਘ ਰੰਧਾਵਾ ਅਤੇ ਬੂਟਾ ਸਿੰਘ ਵੱਲੋਂ ਸਵਾਗਤ ਕੀਤਾ ਗਿਆ। ਉਹਨਾਂ ਨੇ ਕਿਹਾ ਕਿ ਇਹ ਕਦਮ ਸਿੱਧੇ ਤੌਰ ’ਤੇ ਆਮ ਲੋਕਾਂ ਨੂੰ ਰਾਹਤ ਦੇਵੇਗਾ ਅਤੇ ਬਿਜਲੀ ਕਨੈਕਸ਼ਨ ਸੰਬੰਧੀ ਬੇਵਜ੍ਹਾ ਦੇਰੀ, ਦਫ਼ਤਰੀ ਚੱਕਰਾਂ ਅਤੇ ਫ਼ਾਲਤੂ ਖ਼ਰਚਿਆਂ ਤੋਂ ਲੋਕਾਂ ਨੂੰ ਛੁਟਕਾਰਾ ਮਿਲੇਗਾ।



ਟ੍ਰੇਡ ਵਿੰਗ ਪ੍ਰਧਾਨ ਹਰਜਿੰਦਰ ਸਿੰਘ ਰੰਧਾਵਾ ਤੇ ਬੂਟਾ ਸਿੰਘ ਕਿਹਾ ਕਿ ਜੇਕਰ ਕਿਸੇ ਜਾਇਦਾਦ ’ਤੇ ਲੀਗਲ ਝਗੜਾ ਨਹੀਂ ਹੈ ਅਤੇ ਜ਼ਮੀਨ-ਜਾਇਦਾਦ ਸਾਫ਼ ਹੈ, ਤਾਂ ਘਰ ਦੀ ਮਲਕੀਅਤ ਦਾ ਦਸਤਾਵੇਜ਼ ਸਿਰਫ਼ ਦਿਖਾਉਣ ਨਾਲ ਹੀ ਬਿਜਲੀ ਕਨੈਕਸ਼ਨ ਜਾਰੀ ਕਰ ਦਿੱਤਾ ਜਾਵੇਗਾ। ਇਹ ਫ਼ੈਸਲਾ ਬਿਊਰੋਕ੍ਰੇਸੀ ਨੂੰ ਸਧਾਰਨ ਬਣਾਉਣ ਅਤੇ ਲੋਕ-ਕੇਂਦਰੀ ਪ੍ਰਸ਼ਾਸਨ ਦੀ ਮਿਸਾਲ ਹੈ। ਉਹਨਾਂ ਨੇ ਕਿਹਾ ਕਿ ਹੁਣ ਜੇਕਰ ਆਧਾਰ ਕਾਰਡ ਉਪਲਬਧ ਨਹੀਂ ਹੈ ਤਾਂ ਡ੍ਰਾਈਵਿੰਗ ਲਾਇਸੈਂਸ ਨੂੰ ਵੀ ਮਾਨਯੋਗ ਪਛਾਣ ਪ੍ਰਮਾਣ ਪੱਤਰ ਵਜੋਂ ਮੰਨਿਆ ਜਾਵੇਗਾ। ਇਸ ਨਾਲ ਆਮ ਲੋਕਾਂ ਨੂੰ ਦਸਤਾਵੇਜ਼ਾਂ ਦੀ ਕਮੀ ਕਰਕੇ ਹੋਣ ਵਾਲੀ ਦਿਖਤ ਤੋਂ ਵੱਡੀ ਰਾਹਤ ਮਿਲੇਗੀ। ਆਪ ਟ੍ਰੇਡ ਵਿੰਗ ਪ੍ਰਧਾਨ ਹਰਜਿੰਦਰ ਸਿੰਘ ਰੰਧਾਵਾ ਬੂਟਾ ਸਿੰਘ ਜਲਾਲ ਉਸ਼ਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਕਦਮ ਰਾਜ ਨੂੰ ਪਾਰਦਰਸ਼ੀ, ਸਧਾਰਨ ਅਤੇ ਲੋਕ-ਹਿਤੈਸੀ ਪ੍ਰਸ਼ਾਸਨ ਵੱਲ ਲੈ ਜਾਣ ਦਾ ਕਦਮ ਦੱਸਿਆ ਹੈ

# “ਮਰਦ ਅਗਮੜਾ ” ਨਾਵਲ ਸਿੱਖ ਇਤਿਹਾਸ ਦਾ ਬਣੇਗਾ ਅਹਿਮ ਦਸਤਾਵੇਜ - ਠੀਕਰੀਵਾਲਾ

ਨਵੀਂ ਦਿੱਲੀ 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਸੰਘਰਸ਼ ਨਾਲ ਜੁੜੇ ਨਾਵਲਕਾਰ ਭਾਈ ਅਮਰਦੀਪ ਸਿੰਘ ਅਮਰ ਦਾ ਨਵਾ ਨਾਵਲ “ਮਰਦ ਅਗਮੜਾ ” ਸਿੱਖ ਇਤਿਹਾਸ ਵਿਚ ਨਵੀਆਂ ਪੈੜਾ ਪਾਵੇਗਾ ਦਸਮੇਸ ਪਿਤਾ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਜੀਵਨ ਬਾਰੇ ਅਹਿਮ ਪੱਖ ਪ੍ਰਗਟ ਕਰੇਗਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਨੇ ਕੀਤਾ । ਓਹਨਾ ਦੱਸਿਆ ਲੁਧਿਆਣਾ ਜ਼ਿਲ੍ਹੇ ਦੀ ਤਹਿਸੀਲ ਜਗਰਾਓਂ ਦੇ ਨੇੜਲੇ ਪਿੰਡ ਬਾਰਦੇ-ਕੇ ਦੇ ਜੰਮਪਲ ਅਮਰੀਕਾ ਨਿਵਾਸੀ ਭਾਈ ਅਮਰਦੀਪ ਸਿੰਘ ਅਮਰ ਦੀਆ ਲਿਖਤਾਂ ਸਿੱਖ ਇਤਿਹਾਸ ਵਿਚ ਅਹਿਮ ਅਸਥਾਨ ਰੱਖਦੀਆਂ ਹਨ। ਭਾਈ ਅਮਰ ਦੇ ਨਾਵਲ “ਦੀਵਾ ਜਗਦਾ ਰਹੇਗਾ ” ਅਤੇ “ਰੇਤ ਦੀਆ ਕੰਧਾਂ ” ਨੇ ਸਿੱਖ ਨੌਜਵਾਨੀ ਨੂੰ ਸਿੱਖ ਸੰਘਰਸ਼ ਬਾਰੇ ਜਾਗ੍ਰਿਤ ਕੀਤਾ ਅਤੇ ਸਰਕਾਰੀ ਧਿਰ ਵਲੋਂ ਪੈਦਾ ਕੀਤੇ ਭਰਮ ਭੁਲੇਖੇ ਨੂੰ ਤੋੜਿਆ। ਖਾਸਕਰ ਨਾਵਲ “ਦੀਵਾ ਜਗਦਾ ਰਹੇਗਾ ” ਨੇ ਹਜ਼ਾਰਾਂ ਨੌਜਵਾਨਾਂ ਨੂੰ ਗੁਰੂ ਗ੍ਰੰਥ ਗੁਰੂ ਪੰਥ ਨਾਲ ਜੋੜਿਆ ਸੀ । ਸੰਨ 2000-2001 ਵਿਚ ਪ੍ਰਕਾਸ਼ਿਤ ਹੋਇਆ ਇਹ ਨਾਵਲ ਅੱਜ ਵੀ ਲਗਾਤਾਰ ਵਿਕ ਰਿਹਾ ਹੈ, ਸੰਨ 2008 ਵਿਚ ਵਿਦੇਸ਼ ਚਲੇ ਜਾਣ ਮਗਰੋਂ ਭਾਈ ਅਮਰਦੀਪ ਸਿੰਘ ਕਾਫੀ ਲੰਮਾ ਸਮਾਂ ਲੇਖਣੀ ਤੋਂ ਦੂਰ ਰਹੇ ਪਰ ਹੁਣ ਓਹਨਾ ਦੇ ਨਵੇਂ ਨਾਵਲ “ਮਰਦ ਅਗਮੜਾ ” ਦੀ ਸਾਰੀ ਤਿਆਰੀ ਲਗਭਗ ਹੋ ਚੁਕੀ ਹੈ । ਦਸਮੇਸ ਪਿਤਾ ਗੁਰੂ ਗੋਬਿੰਦ ਸਿੰਘ ਪਾਤਸ਼ਾਹ ਦੇ ਪ੍ਰਕਾਸ਼ ਪੁਰਬ ਮੌਕੇ ਦੁਨੀਆ ਦੇ ਵੱਖ ਵੱਖ ਦੇਸ਼ਾਂ ਵਿਚ ਇਹ ਨਾਵਲ ਜਾਰੀ ਕੀਤਾ ਜਾਵੇਗਾ । ਅਕਾਲ ਪ੍ਰਕਾਸ਼ਨ ਵਲੋਂ ਇਸ ਵੱਡ ਆਕਾਰੀ ਨਾਵਲ ਦੇ ਦੋ ਭਾਗ ਛਾਪੇ ਜਾਣਗੇ ਹਰੇਕ ਭਾਗ ਲਗਭਗ 300 ਪੇਜ ਦਾ ਹੋਵੇਗਾ । ਅਕਾਲ ਪ੍ਰਕਾਸ਼ਨ ਵਲੋਂ ਹੀ ਭਾਈ ਅਮਰਦੀਪ ਸਿੰਘ ਅਮਰ ਦੇ ਪੁਰਾਣੇ ਦੋਵੇਂ ਨਾਵਲ “ਦੀਵਾ ਜਗਦਾ ਰਹੇਗਾ ” ਅਤੇ “ਰੇਤ ਦੀਆ ਕੰਧਾਂ ” ਵੀ ਮੁੜ ਪ੍ਰਕਾਸ਼ਿਤ ਕੀਤੇ ਜਾ ਰਹੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

# ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਅਤੇ ਸ਼ਹੀਦ ਭਾਈ ਮਤੀਦਾਸ ਜੀ ਭਾਈ ਦਿਆਲਾ ਜੀ, ਭਾਈ ਸਤੀ ਦਾਸ ਜੀ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ




## --✶ ਗੁਰੂ ਪੰਥ ਦੇ ਸੇਵਾਦਾਰ ✶--



**ਮੀਡੀਆ ਇੰਚਾਰਜ ਹਲਕਾ ਮਜੀਠਾ ਰਵਿੰਦਰ ਸਿੰਘ ਕਲੇਰ**

**ਵਾਇਸ ਮੀਡੀਆ ਇੰਚਾਰਜ ਹਲਕਾ ਮਜੀਠਾ**



ਚੰਡੀਗੜ੍ਹ ਪੰਜਾਬੀ ਯੂਨੀਵਰਸਿਟੀ ਦੀ ਵਿਦਿਆਰਥਣ 'ਛੱਡ ਮੇਰੀ ਬਾਹ ਨਹੀਂ ਤਾ ਆਪਣਾ ਸੋਚ ਲਈ' ਕਹਿਣ ਵਾਲੀ

# ਬੀਬੀ ਹਰਮਨਪ੍ਰੀਤ ਕੌਰ ਦਾ ਦੀਨਾ ਕਾਗੜ ਦੀ ਧਰਤੀ ਤੋਂ ਸਨਮਾਨ






ਚੰਡੀਗੜ੍ਹ ਪੰਜਾਬੀ ਯੂਨੀਵਰਸਿਟੀ ਦੀ ਵਿਦਿਆਰਥਣ "ਛੱਡ ਮੇਰੀ ਬਾਹ ਨਹੀਂ ਤਾ ਆਪਣਾ ਸੋਚ ਲਈ" ਪੁਲਿਸ ਮੁਲਾਜਮ ਨੂੰ ਕਹਿਣ ਵਾਲੀ ਵਾਲੀ ਬੀਬੀ ਹਰਮਨਪ੍ਰੀਤ ਕੌਰ ਨੂੰ ਦੀਨਾ ਕਾਗੜ ਦੀ ਧਰਤੀ ਤੋਂ ਸਰਦਾਰ ਸਿਮਰਨਜੀਤ ਸਿੰਘ ਮਾਨ ਅਤੇ ਅਕਾਲੀ ਦਲ ਅੰਮ੍ਰਿਤਸਰ ਵਲੋਂ ਮਾਈ ਭਾਗੋ ਦੇ ਐਵਾਰਡ ਨਾਲ ਸਨਮਾਨ ਕੀਤਾ ਗਿਆ ਜੋ ਇਕ ਇਤਿਹਾਸਕ ਧਰਤੀ ਤੋਂ ਇਹ ਖਿਤਾਬ ਮਿਲਣਾ ਕੋਈ ਛੋਟੀ ਗੱਲ ਨਹੀਂ ਇਸ ਸਮੇਂ ਉਹਨਾਂ ਦੇ ਪਿਤਾ ਜੀ ਵੀ ਨਾਲ ਸਨ।

ਚੰਡੀਗੜ੍ਹ ਪੰਜਾਬ ਲਈ ਬਣਿਆ ਸੀ ਤੇ ਚੰਡੀਗੜ੍ਹ ਪੰਜਾਬ ਦਾ ਰਹੇਗਾ : ਕਰਨੈਲ ਸਿੰਘ ਪੀਰ ਮੁਹੰਮਦ

# ਨਾ ਕੋਈ ਸਰਕਾਰ, ਨਾ ਕੋਈ ਬਿੱਲ : ਪੰਜਾਬ ਦੇ ਇਤਿਹਾਸ ਅਤੇ ਰਾਜਧਾਨੀ ਦੇ ਦਾਅਵੇ ਨੂੰ ਮਿਟਾ ਸਕਦਾ ਹੈ : ਕੰਵਰਚੜਤ ਸਿੰਘ

**ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਕੰਵਰ ਚੜਤ ਸਿੰਘ ਨੇ ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਨੂੰ ਪੰਜਾਬ ਤੋਂ ਪੂਰੀ ਤਰ੍ਹਾਂ ਵੱਖ ਕਰਕੇ ਇਸਨੂੰ ਇੱਕ ਆਮ ਕੇਂਦਰ ਸ਼ਾਸਤ ਪ੍ਰਦੇਸ਼ ਦੇ ਰੂਪ ਵਿੱਚ ਬਦਲਣ ਦੀ ਕੋਸ਼ਿਸ਼ ਨੂੰ ਸੰਵਿਧਾਨਿਕ ਨਿਯਮਾਂ ਅਤੇ ਪੰਜਾਬ ਦੇ ਹੱਕਾਂ 'ਤੇ ਸਿੱਧਾ ਹਮਲਾ ਕਰਾਰ ਦਿੱਤਾ ਹੈ। ਜਾਰੀ ਬਿਆਨ ਵਿੱਚ ਫੈਡਰੇਸ਼ਨ ਨੇਤਾਵਾਂ ਨੇ ਕਿਹਾ ਕਿ ਪਾਰਲੀਮੈਂਟ ਦੇ ਆਉਣ ਵਾਲੇ ਸਰਦ ਰੁੱਤ ਇਜਲਾਸ ਵਿੱਚ ਲਿਆਂਦੇ ਜਾ ਰਹੇ 131ਵੇਂ ਸੰਵਿਧਾਨ ਸੋਧ ਬਿੱਲ ਰਾਹੀਂ ਚੰਡੀਗੜ੍ਹ 'ਤੇ ਪੰਜਾਬ ਦੇ ਜਾਇਜ਼ ਹੱਕ ਨੂੰ ਖਤਮ ਕਰਨ ਦੀ ਇਹ ਸਾਜ਼ਿਸ਼ ਬਿਲਕੁਲ ਪ੍ਰਵਾਨ ਨਹੀਂ ਹੈ।





ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਕੰਵਰਚੜਤ ਸਿੰਘ ਨੇ ਕਿਹਾ ਕਿ ਸਮੇਂ ਸਮੇਂ ਤੇ ਕੇਂਦਰ ਸਰਕਾਰਾਂ ਵੱਲੋਂ ਗੈਰ-ਸੰਵਿਧਾਨਿਕ ਤਰੀਕਿਆਂ ਨਾਲ ਚੰਡੀਗੜ੍ਹ 'ਤੇ ਪੰਜਾਬ ਦੇ ਹੱਕ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਰਹੀਆਂ ਹਨ। ਭਾਵੇਂ ਕਈ ਵਾਰ ਚੰਡੀਗੜ੍ਹ ਦੇ ਪੰਜਾਬ ਨਾਲ ਸੰਬੰਧਤ ਹੋਣ ਦੇ ਵਾਅਦੇ ਤਾਂ ਕੀਤੇ ਗਏ, ਪਰ ਹਰ ਵਾਰ ਇਹ ਵਾਅਦੇ ਤੋੜ ਕੇ ਨਵੀਆਂ ਅੜਚਣਾਂ ਖੜੀਆਂ ਕੀਤੀਆਂ ਗਈਆਂ। ਹੁਣ ਭਾਜਪਾ ਸਰਕਾਰ ਵੱਲੋਂ ਲਿਆਂਦਾ ਜਾ ਰਿਹਾ ਬਿੱਲ ਪੰਜਾਬ ਦੇ ਹੱਕਾਂ ਦੇ ਕਤਲ ਦੇ ਨਾਲ ਨਾਲ ਰਾਜਾਂ ਦੇ ਅਧਿਕਾਰਾਂ ਨੂੰ ਖ਼ਤਮ ਕਰਨ ਵੱਲ ਇਕ ਹੋਰ ਵੱਡਾ ਕਦਮ ਹੈ।

ਕਰਨੈਲ ਸਿੰਘ ਪੀਰ ਮੁਹੰਮਦ ਨੇ ਸਪੱਸ਼ਟ ਕੀਤਾ ਕਿ ਚੰਡੀਗੜ੍ਹ ਪੰਜਾਬ ਦਾ ਹੈ ਅਤੇ ਇਸਨੂੰ ਪੰਜਾਬ ਤੋਂ ਖੋਹਣ ਦੀ ਕਿਸੇ ਵੀ ਸਾਜ਼ਿਸ਼ ਨੂੰ ਕਦੇ ਵੀ ਪ੍ਰਵਾਨ ਨਹੀਂ ਕੀਤਾ ਜਾਵੇਗਾ। ਇਹ ਬਿੱਲ ਕੇਵਲ ਤਕਨੀਕੀ ਜਾਂ ਪ੍ਰਸ਼ਾਸਕੀ ਤਬਦੀਲੀ ਨਹੀਂ, ਸਗੋਂ ਪੰਜਾਬ ਦੇ ਅਧਿਕਾਰਾਂ 'ਤੇ ਸਿੱਧਾ ਡਾਕਾ ਹੈ।

ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਇਹ ਕੋਸ਼ਿਸ਼ਾਂ ਨਾ ਕੇਵਲ ਪੰਜਾਬ, ਸਗੋਂ ਪੂਰੇ ਦੇਸ਼ ਦੀ ਏਕਤਾ ਅਤੇ ਭਰੋਸੇ ਨੂੰ ਨੁਕਸਾਨ ਪਹੁੰਚਾਉਣਗੀਆਂ। ਸ਼੍ਰੋਮਣੀ ਕਮੇਟੀ ਨੇ ਪੰਜਾਬ ਦੇ ਸਾਰੇ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਪ੍ਰਤਿਨਿਧੀਆਂ ਨੂੰ ਅਪੀਲ ਕੀਤੀ ਕਿ ਚੰਡੀਗੜ੍ਹ ਉੱਤੇ ਪੰਜਾਬ ਦੇ ਹੱਕ ਦੀ ਰੱਖਿਆ ਲਈ ਇਕੱਠੇ ਹੋ ਕੇ ਲੋਕਤੰਤਰਕ ਅਤੇ ਸੰਵਿਧਾਨਿਕ ਪੱਧਰ 'ਤੇ ਮਜ਼ਬੂਤ ਸੰਘਰਸ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਪੰਜਾਬ ਦਾ ਅਟੁੱਟ ਹਿੱਸਾ ਹੈ ਅਤੇ ਇਸ ਹੱਕ ਦੀ ਰੱਖਿਆ ਲਈ ਹਰ ਪੱਧਰ ਉੱਤੇ ਆਵਾਜ ਬੁਲੰਦ ਕੀਤੀ ਜਾਵੇਗੀ।

# ਸ਼੍ਰੀ ਅਨੰਦਪੁਰ ਸਾਹਿਬ ਵਿਖੇ ਕਲ ਹੋਣ ਵਾਲੇ ਵਿਧਾਨ ਸਭਾ ਦੇ ਸੈਸ਼ਨ ਲਈ ਸਰਕਾਰ ਨੂੰ ਇਕ ਕਰਮ ਯੋਗੀ ਮਹਾਂ ਪੁਰਸ਼ ਵਲੋਂ ਨਸੀਹਤ

ਸ੍ਰੀ ਗੁਰੂ ਤੇਗ. ਬਹਾਦੁਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੁਰਬ ਮੌਕੇ ਪੰਜਾਬ ਸਰਕਾਰ ਵੱਲੋਂ ਸੱਦਿਆ ਗਿਆ ਵਿਸ਼ੇਸ਼ ਅਸੈਂਬਲੀ ਸੈਸ਼ਨ ਕੇਵਲ ਇੱਕ ਰਸਮੀ ਕਾਰਵਾਈ ਨਾ ਹੋਵੇ—ਇਹ ਮੰਗ ਸੰਤ ਬਾਬਾ ਸੇਵਾ ਸਿੰਘ ਜੀ (ਗੁਰਦੁਆਰਾ ਰਾਮਪੁਰ ਖੇੜਾ ਸਾਹਿਬ) ਵੱਲੋਂ ਬੜੀ ਤਾਕਤ ਨਾਲ ਰੱਖੀ ਗਈ।



ਬਾਬਾ ਜੀ ਨੇ ਸਪੱਸ਼ਟ ਕਿਹਾ ਕਿ ਇਹ ਸੈਸ਼ਨ ਅਸਲ ਇਤਿਹਾਸਕ ਫ਼ੈਸਲਿਆਂ ਨਾਲ ਹੀ ਇਤਿਹਾਸਿਕ ਬਣ ਸਕਦਾ ਹੈ।

ਇਸ ਲਈ ਉਹਨਾਂ ਪੰਜਾਬ ਸਰਕਾਰ ਅੱਗੇ ਕੁਝ ਵੱਡੀਆਂ, ਜ਼ਰੂਰੀ ਅਤੇ ਕੌਮੀ ਮੰਗਾਂ ਰੱਖੀਆਂ:

1. ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਨੂੰ "ਪਵਿੱਤਰ ਸ਼ਹਿਰ" ਦਾ ਦਰਜਾ ਮਿਲੇ।

2. ਬੇਅਦਬੀ, ਬਹਿਬਲਕਲਾਂ-ਕੋਟਕਪੂਰਾ ਮਾਮਲਿਆਂ ਵਿੱਚ ਤੁਰੰਤ ਇਨਸਾਫ਼

ਲੰਮਾ ਖਿੱਚੇ ਹੋਏ ਮਾਮਲਿਆਂ ਦਾ ਨਿਪਟਾਰਾ ਕਰਕੇ ਦੋਸ਼ੀਆਂ ਨੂੰ ਮਿਸਾਲੀ ਸਜਾਵਾਂ ਦਿੱਤੀਆਂ ਜਾਣ।

3. ਬੰਦੀ ਸਿੰਘਾਂ ਦੀ ਰਿਹਾਈ ਲਈ ਮਨੁੱਖਤਾ–ਅਧਾਰਿਤ ਪਹੁੰਚ

ਸਜ਼ਾ ਭੁਗਤ ਚੁੱਕੇ ਸਿੱਖ ਕੈਦੀ ਜੋ ਸਾਲਾਂ ਤੋਂ ਜੇਲ੍ਹਾਂ ਵਿੱਚ ਹਨ, ਉਨ੍ਹਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ।

4. ਗੁਰੂ ਤੇਗ ਬਹਾਦੁਰ ਜੀ ਦਾ ਸ਼ਹੀਦੀ ਦਿਵਸ - "ਮਨੁੱਖੀ ਅਧਿਕਾਰ ਦਿਵਸ" ਵਜੋਂ ਮਨਾਇਆ ਜਾਵੇ

ਪੰਜਾਬ ਸਰਕਾਰ ਨੋਟੀਫਿਕੇਸ਼ਨ ਜਾਰੀ ਕਰੇ ਅਤੇ ਭਾਰਤ ਸਰਕਾਰ ਨੂੰ ਵੀ ਸਿਫ਼ਾਰਸ਼ ਭੇਜੇ।

5. ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ ਪਾਵਨ ਸੀਸ ਨੂੰ ਦਿੱਲੀ ਤੋਂ ਅਨੰਦਪੁਰ ਲਿਆਂਦੇ ਮਾਰਗ ਨੂੰ "ਸੀਸ ਮਾਰਗ" ਦਾ ਸਰਕਾਰੀ ਦਰਜਾ

ਅਤੇ ਇਸ ਨੂੰ "ਗੁਰੂ ਗੋਬਿੰਦ ਸਿੰਘ ਮਾਰਗ" ਦੀ ਤਰ੍ਹਾਂ ਸਤਿਗੁਰੂ ਜੀ ਨੂੰ ਸਮਰਪਿਤ ਕੀਤਾ ਜਾਵੇ।

6. ਗੁਰੂ ਤੇਗ ਬਹਾਦੁਰ ਸਾਹਿਬ ਜੀ ਦੀ ਯਾਦ ਵਿਚ ਮੈਡੀਕਲ ਕਾਲਜ ਅਤੇ ਮਲਟੀ–ਸਪੇਸ਼ਲਟੀ ਹਸਪਤਾਲ ਬਣਾਇਆ ਜਾਵੇ।

7. ਸਹੀ ਸਿੱਖ ਇਤਿਹਾਸ ਨੂੰ ਸਿੱਧੇ ਤੌਰ 'ਤੇ ਸਕੂਲੀ ਸਿਲੇਬਸ ਵਿੱਚ ਸ਼ਾਮਲ ਕੀਤਾ ਜਾਵੇ

ਬਾਬਾ ਜੀ ਨੇ ਕਿਹਾ ਕਿ ਸਤਿਗੁਰੂ ਜੀ ਨੇ ਸਰਬੰਸ ਵਾਰ ਕੇ ਮਨੁੱਖਤਾ ਲਈ ਜੋ ਬੇਮਿਸਾਲ ਬਲਿਦਾਨ ਕੀਤੇ, ਉਹ ਬੱਚਿਆਂ ਦੇ ਹਿਰਦਿਆਂ ਵਿੱਚ ਛੋਟੀ ਉਮਰ ਤੋਂ ਹੀ ਉੱਕਰੇ ਜਾਣ।

ਉਹਨਾਂ ਇਹ ਵੀ ਦੱਸਿਆ ਕਿ ਪਹਿਲਾਂ ਸਕੂਲਾਂ ਵਿੱਚ ਸਿੱਖ ਇਤਿਹਾਸ ਨੂੰ ਤੋੜਮਰੋੜ ਕੇ, ਸਾਜ਼ਿਸ਼ੀ ਢੰਗ ਨਾਲ ਸ਼ਾਮਿਲ ਕੀਤਾ ਗਿਆ ਸੀ, ਜਿਸ 'ਤੇ ਸੰਗਤਾਂ ਦਾ ਭਾਰੀ ਰੋਸ ਸੀ।

ਹੁਣ ਵੱਡਾ ਮੌਕਾ ਹੈ ਕਿ:

☛ ਸਿੱਖ ਵਿਦਵਾਨਾਂ ਦੀ ਕਮੇਟੀ ਬਣੇ । ਸਾਰੇ ਗਲਤ ਤੱਥਾਂ ਦੀ ਸਹੀ ਤਰ੍ਹਾਂ ਸਮੀਖਿਆ ਹੋਵੇ ਅਤੇ ਪ੍ਰਮਾਣਿਤ, ਸ਼ੁੱਧ ਅਤੇ ਸੱਚਾ ਇਤਿਹਾਸ ਹੀ ਪਾਠਕ੍ਰਮ ਵਿੱਚ ਸ਼ਾਮਿਲ ਹੋਵੇ।

☛ ਇਹ ਸਿਰਫ਼ ਇੱਕ ਸੈਸ਼ਨ ਨਹੀਂ—ਸਿੱਖ ਕੌਮ ਦੀਆਂ ਸਭ ਤੋਂ ਸੰਵੇਦਨਸ਼ੀਲ ਮੰਗਾਂ ਦਾ ਸਵਾਲ ਹੈ।

☛ ਇਹ ਮੌਕਾ ਹੈ ਪੰਜਾਬ ਸਰਕਾਰ ਲਈ—ਇਤਿਹਾਸ ਬਣਾਉਣ ਦਾ, ਨਾ ਕਿ ਸਿਰਫ਼ ਰਸਮ ਨਿਭਾਉਣ ਦਾ।

ਨਿਰਮਲ ਸਿੰਘ ਹੁਰਾਂ ਦੀ ਵਾਲ ਤੋਂ .. !

ਬਾਕੀ ਮੇਰਾ ਵੀ ਮੰਨਣਾ ਹੈ ਐਵੇਂ ਕਦੀ ਇਸ਼ਿਤਹਾਰੀ ਬੋਰਡ ਲਾ ਕੇ , ਕਦੀ ਮੁਫ਼ਤ ਯਾਤਰਾ ਗੱਡੀਆਂ ਚਲਾ ਕੇ, ਤੇ ਨਗਰ ਕੀਰਤਨ ਉਤੇ ਤੇਲ ਫੂਕਣ ਨਾਲੋਂ ( ਇਹ ਹੋਰ ਬਾਬਿਆਂ ਤੇ ਸਿੱਖਾਂ ਕਰ ਲੈਣਾ ਹੈ )...

ਸਿੱਖਾਂ ਵਿਚ ਰੂਹ ਫੂਕਣੀ ਹੈ ਅਤੇ ਪਿਠ ਪਿੱਛੇ ਛੁਰੀਆਂ ਚਲਾਉਣ ਵਾਲਿਆਂ ਦੇ ਹਿੱਕ ਵਿਚ ਵੱਜਣਾ ਹੈ ਤਾਂ ਭਗਵੰਤ ਸਿਆਂ ਇਹੋ ਕਰ ਜਿਹੜਾ ਬਾਬਿਆਂ ਨੇ ਆਖਿਆ ਹੈ। ਵਰਨਾ ਖਾਨਾ ਪੂਰਤੀਆਂ ਤਾਂ ਲਾਲ ਕਿੱਲੇ ਤਕ ਹੋ ਰਹੀਆਂ ਹਨ।

ਧੰਨਵਾਦ ਬਾਬਾ ਜੀ ।

**-ਬਲਵਿੰਦਰ ਸਿੰਘ।**




ਜਨਮ ਦਿਨ ਮੁਬਾਰਕ

ਪੱਤਰਕਾਰ ਰੌਕੀ ਜੈਨ
ਜਨਰਲ ਸੈਕਟਰੀ ਜੰਡਿਆਲਾ ਪ੍ਰੈਸ ਕਲੱਬ
ਜੰਡਿਆਲਾ ਗੁਰੂ
ਪੱਤਰਕਾਰ ਕੁਲਵੰਤ ਸਿੰਘ
ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV

### ਅੱਜ ਸ਼੍ਰੋਮਣੀ ਅਕਾਲੀ ਦਲ ਅੰਬਰਸਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ

# 350 ਸਾਲਾ ਸ਼ਹੀਦੀ ਪੁਰਬ ਮਨਾਇਆ ਗਿਆ

## ਸ. ਸਿਮਰਨਜੀਤ ਸਿੰਘ ਜੀ ਮਾਨ, ਭਾਈ ਜਸਬੀਰ ਸਿੰਘ ਜੀ ਰੋਡੇ, ਭਾਈ ਗੁਰਦੀਪ ਸਿੰਘ ਬਠਿੰਡਾ, ਭਾਈ ਪਰਮਜੀਤ ਸਿੰਘ ਮੰਡ ਅਤੇ ਹੋਰ ਪੰਥਕ ਸ਼ਖਸ਼ੀਅਤਾਂ ਨੇ ਵੱਡੀ ਗਿਣਤੀ ਵਿੱਚ ਹਾਜਰੀ ਲਵਾਈ



















ਅੱਜ ਸ਼੍ਰੋਮਣੀ ਅਕਾਲੀ ਦਲ ਅੰਬਰਸਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸਾਢੇ ਤਿੰਨ ਸੌ ਸਾਲਾ ਸ਼ਹੀਦੀ ਪੁਰਬ ਮਨਾਇਆ ਗਿਆ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਬਾਬਾ ਜੀਵਨ ਸਿੰਘ ਜੀ ਦੀਨਾ ਸਾਹਿਬ ਦੀ ਧਰਤੀ ਤੇ ਹੋਰ ਵੀ ਪੰਥਕ ਜਥੇਬੰਦੀਆਂ ਅਤੇ ਪੰਥਕ ਸ਼ਖਸ਼ੀਅਤਾਂ ਨੇ ਹਾਜ਼ਰੀ ਭਰੀ ਵੱਡੀ ਗਿਣਤੀ ਵਿੱਚ ਸਾਧ ਸੰਗਤਾਂ ਨੇ ਹਾਜ਼ਰੀ ਭਰੀ ਲਗਭਗ ਦਾਸ 12 ਹਜਾਰ ਸੰਗਤਾਂ ਦਾ ਇਕੱਠ ਹੋਇਆ ਇਕ ਜਫਰਨਾਮੇ ਦੇ ਰੂਪ ਵਿੱਚ ਸੈਂਟਰ ਸਰਕਾਰ ਨੂੰ ਚਿੱਠੀ ਲਿਖੀ ਗਈ ਜਿਹੜੀ ਕੱਲ ਨੂੰ ਪੰਜ ਪਿਆਰਿਆਂ ਦੇ ਰੂਪ ਵਿੱਚ ਦਿੱਲੀ ਲੈ ਕੇ ਜਾਈ ਜਾਵੇਗੀ। ਅਤੇ ਪੰਜਾਬ ਸਰਕਾਰ ਨੂੰ ਤੇ ਸ਼੍ਰੋਮਣੀ ਕਮੇਟੀ ਨੂੰ ਇੱਕ ਉਸ ਦੀ ਕਾਪੀ ਦਿੱਤੀ ਜਾਵੇਗੀ ਇਸ ਮੌਕੇ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਜੀ ਮਾਨ ਦਲ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ ਯੂਨਾਈਟਡ ਅਕਾਲੀ ਦਲ ਦੇ ਪ੍ਰਧਾਨ ਗੁਰਦੀਪ ਸਿੰਘ ਬਠਿੰਡਾ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ ਅਤੇ ਹੋਰ ਪੰਥਕ ਸ਼ਖਸ਼ੀਅਤਾਂ ਵੱਡੀ ਗਿਣਤੀ ਵਿੱਚ ਹਾਜਰੀ ਲਵਾਈ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)